



ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com

ਵੀਰਵਾਰ, 24 ਅਗਸਤ 2023

ਮੁੱਖ ਸੰਪਾਦਕ - ਅਮਨ ਮਹਿਰਾ

(ਜਲੰਧਰ)






R.N.I. Punpun/29016/2008 ✲ ਸਾਲ : 15 ✲ ਅੰਕ : 168 ✲ ਮੁੱਲ : 5.00 ਰੁਪਏ ✲ ਕੁੱਲ ਪੇਜ਼ : 10 ✲ ਫੈਕਸ : 0181-2211009 ✲ M. 99155-94111




# ਭਾਰਤ ਨੇ ਰੱਖਿਆ 'ਚੰਨ' ਤੇ ਕਦਮ

**ਭਾਰਤ** ਲਈ ਅੱਜ ਦੀ ਤਾਰੀਖ਼ ਇਤਿਹਾਸ ਬਣ ਗਈ ਹੈ।ਚੰਦਰਮਾ ਦੀ ਸਤ?ਹਾ 'ਤੇ ਚੰਦਰਯਾਨ-3 ਦੀ ਸਫ਼ਲਤਾਪੂਰਵਕ ਲੈਂਡਿੰਗ ਹੋ ਗਈ ਹੈ। ਮਿਸ਼ਨ ਮੂਨ ਯਾਨੀ ਕਿ ਚੰਦਰਯਾਨ-3 ਦਾ ਲੈਂਡਰ ਵਿਕਰਮ ਚੰਨ 'ਤੇ ਸਫ਼ਲਤਾਪੂਰਵਕ ਕਦਮ ਰੱਖ ਚੁੱਕਾ ਹੈ।ਭਾਰਤ, ਚੰਦਰਮਾ ਦੇ ਦੱਖਣੀ ਧਰੁਵ 'ਤੇ ਸਾਫਟ ਲੈਂਡਿੰਗ ਕਰਾਉਣ ਵਾਲਾ ਦੁਨੀਆ ਦਾ ਪਹਿਲਾ ਦੇਸ਼ ਬਣ ਗਿਆ ਹੈ। ਚੰਨ 'ਤੇ ਪਹੁੰਚਣ ਮਗਰੋਂ ਹੁਣ ਸੂਰਜ ਦੀ ਵਾਰੀ ਹੈ। ਇਸ ਲਈ ਵੀ ਇਸਰੋ ਦੇ ਵਿਗਿਆਨਕਾਂ ਨੇ ਤਿਆਰੀ ਕਰ ਲਈ ਹੈ।ਸਤੰਬਰ ਤੱਕ ਸੂਰਜ ਤੱਕ ਪਹੁੰਚਣ ਲਈ ਆਦਿਤਿਆ ਐੱਲ-1 ਮਿਸ਼ਨ ਦੀ ਲਾਂਚਿੰਗ ਹੋ ਸਕਦੀ ਹੈ। ਆਦਿਤਿਆ ਐੱਲ-1 ਮਿਸ਼ਨ ਦਾ ਮਕਸਦ ਸੂਰਜ ਦੀ ਤਾਕਤ ਦਾ ਪਤਾ ਲਾਉਣਾ ਹੈ। ਅਨੁਮਾਨ ਹੈ ਕਿ ਇਸ ਮਿਸ਼ਨ ਦੀ ਲਾਂਚਿੰਗ ਸਤੰਬਰ 2023 ਵਿਚ ਹੋ ਸਕਦੀ ਹੈ। ਦੱਸ ਦੇਈਏ ਕਿ ਧਰਤੀ ਅਤੇ ਸੂਰਜ ਵਿਚਾਲੇ ਦੂਰੀ ਕਰੀਬ 15 ਕਰੋੜ ਕਿਲੋਮੀਟਰ ਹੈ। ਸੂਰਜ ਦੀਆਂ ਕਿਰਨਾਂ ਨੂੰ ਧਰਤੀ ਤੱਕ ਪਹੁੰਚਣ 'ਚ ਕਰੀਬ 8 ਮਿੰਟ ਲੱਗਦੇ ਹਨ। ਜਿੱਥੇ ਆਦਿਤਿਆ ਐੱਲ-1 ਨੂੰ ਤਾਇਨਾਤ ਕੀਤਾ ਜਾਵੇਗਾ, ਉਸ ਥਾਂ ਨੂੰ ਐੱਲ-1 ਬਿੰਦੂ ਆਖਦੇ ਹਨ। ਇਹ ਧਰਤੀ ਤੋਂ 15 ਲੱਖ ਕਿਲੋਮੀਟਰ ਦੂਰ ਹੈ।

***ਅਮਰੀਕਾ ਸਮੇਤ ਇਹ ਇਹ ਦੇਸ਼ ਸੂਰਜ 'ਤੇ ਭੇਜ ਚੁੱਕੇ ਮਿਸ਼ਨ***

ਦਰਅਸਲ ਸੂਰਜ ਨੂੰ ਜਾਣਨ ਲਈ ਦੁਨੀਆ ਭਰ ਤੋਂ ਦੇਸ਼ਾਂ-ਅਮਰੀਕਾ, ਜਰਮਨੀ, ਯੂਰਪੀਅਨ ਸਪੇਸ ਏਜੰਸੀ ਨੇ ਕੁੱਲ ਮਿਲਾ ਕੇ 22 ਮਿਸ਼ਨ ਭੇਜੇ ਹਨ। ਸਭ ਤੋਂ ਜ਼ਿਆਦਾ ਮਿਸ਼ਨ ਅਮਰੀਕਾ ਸਪੇਸ ਏਜੰਸੀ ਨਾਸਾ ਨੇ ਭੇਜੇ ਹਨ। ਆਦਿਤਿਆ ਐੱਲ-1 ਮਿਸ਼ਨ ਜ਼ਰੀਏ ਸੂਰਜ ਦੇ ਉੱਪਰੀ ਵਾਯੂਮੰਡਲ ਤੋਂ ਨਿਕਲਣ ਵਾਲੀਆਂ ਲਪਟਾਂ ਦਾ ਵਿਸ਼ਲੇਸ਼ਣ ਕੀਤਾ ਜਾਵੇਗਾ। ਇਹ ਲਪਟਾਂ ਸਾਡੇ ਸੰਚਾਰ ਨੈੱਟਵਰਕ ਅਤੇ ਧਰਤੀ 'ਤੇ ਇਲੈਕਟ੍ਰਾਨਿਕ ਗਤੀਵਿਧੀਆਂ ਨੂੰ ਪ੍ਰਭਾਵਿਤ ਕਰਦੀਆਂ ਹਨ।

## ਚੰਦਰਯਾਨ-3 ਦੀ ਸਫਲਤਾ 'ਤੇ ਨਾਸਾ ਨੇ ਦਿੱਤੀ ਵਧਾਈ

• ਨਵੀਂ ਦਿੱਲੀ

ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਨੂੰ ਚੰਦਰਯਾਨ-3 ਮਿਸ਼ਨ ਦੀ ਸਫਲਤਾ 'ਤੇ ਦੁਨੀਆ ਭਰ ਤੋਂ ਵਧਾਈਆਂ ਮਿਲ ਰਹੀਆਂ ਹਨ। ਅਮਰੀਕੀ ਖੋਜ ਏਜੰਸੀ ਨਾਸਾ ਅਤੇ ਯੂਰਪੀ ਪੁਲਾੜ ਏਜੰਸੀ (ਈਐੱਸਏ) ਨੇ ਇਸ ਮੁਹਿੰਮ 'ਚ ਧਰਤੀ ਦੇ ਇਕਲੌਤੇ ਉਪਗ੍ਰਹਿ ਚੰਦਰਮਾ ਦੇ ਦੱਖਣੀ ਧਰੁਵ ਦੀ ਸਤਹਾ 'ਤੇ ਲੈਂਡਰ ਮਾਡਿਊਲ ਵਿਕਰਮ ਨੂੰ ਉਤਾਰਨ 'ਚ ਇਸਰੋ ਦੀ ਸਫਲਤਾ ਨੂੰ ਦੱਸਿਆ ਹੈ ਅਤੇ ਕਿਹਾ ਕਿ ਇਸ ਦੇ ਜ਼ਰੀਏ ਕਈ ਨਵੀਆਂ ਤਕਨੀਕਾਂ ਦਾ ਨਿਰਮਾਣ ਕੀਤਾ ਜਾਵੇਗਾ। ਭਾਰਤ ਦੀਆਂ ਤਕਨੀਕਾਂ ਸਫਲਤਾਪੂਰਵਕ ਸਾਬਤ ਹੋਈਆਂ ਹਨ ਅਮਰੀਕਾ ਦੀ ਰਾਸ਼ਟਰੀ ਪੁਲਾੜ ਏਜੰਸੀ ਨਾਸਾ ਦੇ ਪ੍ਰਸ਼ਾਸਕ ਬਿਲ ਨੈਲਸਨ ਨੇ ਇਸਰੋ ਨੂੰ ਵਧਾਈ ਦਿੰਦਿਆਂ ਟਵੀਟ ਕੀਤਾ, 'ਚੰਦਰਯਾਨ 3 ਨੂੰ ਚੰਦਰਮਾ ਦੇ ਦੱਖਣੀ ਧਰੁਵ 'ਤੇ ਸਫਲਤਾਪੂਰਵਕ ਉਤਾਰਨ ਅਤੇ ਭਾਰਤ ਨੂੰ ਵੀ ਚੰਦਰਮਾ ਦੀ ਸਤਹਾ 'ਤੇ ਸਿੱਧੇ ਤਰੀਕੇ ਨਾਲ ਪਹੁੰਚਾਉਣ ਵਾਲਾ ਚੌਥਾ ਦੇਸ਼ ਬਣਨ ਲਈ ਇਸਰੋ ਨੂੰ ਵਧਾਈ। ਸਾਨੂੰ ਇਸ ਮਿਸ਼ਨ ਵਿੱਚ ਤੁਹਾਡੇ ਨਾਲ ਭਾਈਵਾਲੀ ਕਰਨ ਵਿੱਚ ਖੁਸ਼ੀ ਹੈ।

# ਪੁਲਿਸ ਦੇ ਤਸ਼ਦਤ ਕਾਰਨ ਹੋਈ ਕਿਸਾਨ ਦੀ ਮੌਤ ਤੇ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਵਲੋਂ ਦੁੱਖ ਦਾ ਪ੍ਰਗਟਾਵਾ



• **ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਲੌਂਗੋਵਾਲ ਵਿਖੇ ਜਦੋਂ ਕਿਸਾਨਾਂ ਨੇ ਚੰਡੀਗੜ੍ਹ ਨੂੰ ਚਾਲੇ ਪਾਉਣੇ ਸਨ ਤਾ ਕਿਸਾਨਾਂ ਅਤੇ ਪੁਲਿਸ ਵਿੱਚਕਾਰ ਤਕਰਾਰ ਹੋ ਗਿਆ ਅਤੇ ਪੁਲਿਸ ਵੱਲੋਂ ਕਿਸਾਨਾਂ ਉੱਤੇ ਭਾਰੀ ਤਸ਼ੱਦਦ ਕੀਤਾ ਗਿਆ। ਜਿਸ ਕਾਰਨ ਇੱਕ ਬਜ਼ੁਰਗ ਕਿਸਾਨ ਦੀ ਮੌਤ ਹੋ ਗਈ। ਇਸ ਸੰਬੰਧੀ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਸ਼੍ਰੀ ਆਨੰਦਪੁਰ ਸਾਹਿਬ ਦੇ ਪ੍ਰਧਾਨ ਸ਼ਮਸ਼ੇਰ ਸਿੰਘ ਸ਼ੇਰਾ ਅਤੇ ਜਰਨਲ ਸਕੱਤਰ ਜੈਮਲ ਸਿੰਘ ਭੜੀ ਨੇ ਕਿਹਾ ਕਿ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਸ਼੍ਰੀ ਅਨੰਦਪੁਰ ਸਾਹਿਬ ਇਸ ਘਟਨਾ ਦੀ ਸਖਤ ਸ਼ਬਦਾਂ ਵਿੱਚ ਨਿੰਦਿਆ ਕਰਦੀ ਹੈ ਅਤੇ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਜ਼ਿੰਮੇਵਾਰ ਅਧਿਕਾਰੀਆਂ ਖ਼?ਲਾਫ਼ ਬਣਦੀ ਕਾਰਵਾਈ ਕੀਤੀ ਜਾਵੇ ਸ਼ਹੀਦ ਹੋਇਏ ਕਿਸਾਨ ਦੇ ਪਰਿਵਾਰ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ। ਕਿਸਾਨ ਹਮੇਸ਼ਾ ਹੀ ਸ਼ਾਂਤੀ ਪੂਰਵਕ ਤਰੀਕੇ ਦੇ ਨਾਲ ਆਪਣੀਆਂ ਹੱਕੀ ਮੰਗਾਂ ਮਨਵਾਉਣ ਦੇ ਲਈ ਸਰਕਾਰ ਤੱਕ ਪਹੁੰਚ ਕਰਦੇ ਰਹਿੰਦੇ ਹਨ ਸੰਘਰਸ਼ ਕਰਨਾ ਆਪਣੀਆਂ ਜਾਇਜ ਮੰਗਾਂ ਨੂੰ ਮਨਵਾਉਣਾ ਹਰ ਇੱਕ ਨਾਗਰਿਕ ਦਾ ਹੱਕ ਹੁੰਦਾ ਹੈ। ਪੁਲਿਸ ਡੰਡੇ ਦੇ ਜ਼ੋਰ ਨਾਲ ਲੋਕਾਂ ਦੇ ਹੱਕਾਂ ਨੂੰ ਦਬਾਉਣਾ ਚਾਹੁੰਦੀ ਹੈ ਅਸੀਂ ਇਸਨੂੰ ਕਦੇ ਵੀ ਬਰਦਾਸ਼ਤ ਨਹੀਂ ਕਰਾਂਗੇ। ਇਸ ਮੌਕੇ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਸ਼੍ਰੀ ਆਨੰਦਪੁਰ ਸਾਹਿਬ ਦੇ ਪ੍ਰਧਾਨ ਸ਼ਮਸ਼ੇਰ ਸਿੰਘ ਸ਼ੇਰਾ, ਜਰਨਲ ਸਕੱਤਰ ਜੈਮਲ ਸਿੰਘ ਭੜੀ, ਮੁੱਖ ਬੁਲਾਰਾ ਮਨਜੀਤ ਸਿੰਘ ਰਾਹੀਂ, ਸਰਕਲ ਪ੍ਰਧਾਨ ਸੰਤ ਸਿੰਘ ਹਜਾਰਾ, ਸਰਕਲ ਪ੍ਰਧਾਨ ਬਲਵੀਰ ਸਿੰਘ ਬੜਾ ਪਿੰਡ, ਮਨਜੀਤ ਸਿੰਘ ਨੰਬਰਦਾਰ, ਮੀਤ ਪ੍ਰਧਾਨ ਚਰਨਜੀਤ ਸਿੰਘ ਜੋੜਾ ਨੰਗਲ, ਨਿਰਮਲ ਸਿੰਘ ਸੂਰੇਵਾਲ, ਭਜਨ ਸਿੰਘ ਸੂਰੇਵਾਲ, ਪ੍ਰਿੰਸੀਪਲ ਕੇਵਲ ਸਿੰਘ ਸ੍ਰੀ ਅਨੰਦਪੁਰ ਸਾਹਿਬ, ਜਸਵੰਤ ਸਿੰਘ ਜੱਸੂ, ਇੰਦਰਜੀਤ ਸਿੰਘ ਢੇਰ, ਨਰਿੰਦਰ ਸਿੰਘ ਮਾਵੀ, ਭੁਪਿੰਦਰ ਸਿੰਘ ਸਜਮੋਰ, ਬਖ਼ਤਾਵਰ ਸਿੰਘ, ਮਨਮੋਹਨ ਸਿੰਘ, ਰਜਿੰਦਰ ਸਿੰਘ ਆਦਿ ਹਾਜ਼ਰ ਸਨ।

■ **ਆਪਣੀਆਂ ਹਕੀ ਮੰਗਾਂ ਮਨਵਾਉਣ ਲਈ ਚੰਡੀਗੜ੍ਹ ਦੀ ਸਰਹੱਦ ਤੇ ਰੋਸ ਪ੍ਰਦਰਸ਼ਨ ਕਰਨਾ ਚਾਹੁੰਦੇ ਸਨ ਕਿਸਾਨ : ਸ਼ੇਰਾ**

ਰੋਜ਼ਾਨਾ ਲੋਕ ਬਾਣੀ

## ਸਾਬਕਾ ਰਾਸ਼ਟਰਪਤੀ ਟਰੰਪ ਹੋਣਗੇ ਗ੍ਰਿਫਤਾਰ



**ਵਾਸ਼ਿੰਗਟਨ :** ਸਾਬਕਾ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਅੱਜ ਕਿਹਾ ਕਿ ਉਹ 2020 ਦੀਆਂ ਚੋਣਾਂ ’ਚ ਮਿਲੀ ਹਾਰ ਨੂੰ ਨਾਜਾਇਜ਼ ਢੰਗ ਨਾਲ ਪਲਟਾਉਣ ਦੇ ਲੱਗੇ ਦੋਸ਼ਾਂ ਦੇ ਮਾਮਲੇ ਵਿਚ ਜੌਰਜੀਆ ਦੀ ਅਥਾਰਿਟੀ ਅੱਗੇ ਵੀਰਵਾਰ ਨੂੰ ਸਮਰਪਣ ਕਰ ਦੇਣਗੇ। ਟਰੰਪ ਉਤੇ ਦੋਸ਼ ਹੈ ਕਿ ਉਨ੍ਹਾਂ ਜੌਰਜੀਆ ਸੂਬੇ ਵਿਚ 2020 ਦੀਆਂ ਚੋਣਾਂ ’ਚ ਮਿਲੀ ਹਾਰ ਨੂੰ ਗੈਰਕਾਨੂੰਨੀ ਢੰਗ ਨਾਲ ਪਲਟਾਉਣ ਦੀ ਕੋਸ਼ਿਸ਼ ਕੀਤੀ ਸੀ। ਟਰੰਪ ਨੇ ਸੋਸ਼ਲ ਮੀਡੀਆ ’ਤੇ ਕਿਹਾ, ‘ਕੀ ਤੁਸੀਂ ਯਕੀਨ ਕਰ ਸਕਦੇ ਹੋ? ਮੈਂ ਵੀਰਵਾਰ ਗ੍ਰਿਫ਼ਤਾਰ ਹੋਣ ਲਈ ਐਟਲਾਂਟਾ, ਜੌਰਜੀਆ ਜਾ ਰਿਹਾ ਹਾਂ।’ ਅਪਰੈਲ ਮਹੀਨੇ ਤੋਂ ਬਾਅਦ ਇਹ ਟਰੰਪ ਦੀ ਚੌਥੀ ਗ੍ਰਿਫ਼ਤਾਰੀ ਹੋਵੇਗੀ। ਇਸ ਤੋਂ ਪਹਿਲਾਂ ਉਨ੍ਹਾਂ ਖ਼?ਲਾਫ਼ ਮਹਾਦੋਸ਼ ਦੀ ਕਾਰਵਾਈ ਵੀ ਆਰੰਭੀ ਗਈ ਸੀ। ਇਸ ਮਾਮਲੇ ਦਾ ਸਾਹਮਣਾ ਕਰਨ ਵਾਲੇ ਉਹ ਅਮਰੀਕਾ ਦੇ ਪਹਿਲੇ ਸਾਬਕਾ ਰਾਸ਼ਟਰਪਤੀ ਸਨ। ਗੌਰਤਲਬ ਹੈ ਕਿ ਟਰੰਪ ਹਾਲੇ ਵੀ ਰਿਪਬਲਿਕਨ ਪਾਰਟੀ ਵੱਲੋਂ ਰਾਸ਼ਟਰਪਤੀ ਚੋਣਾਂ ਲਈ ਮੋਹਰੀ ਉਮੀਦਵਾਰ ਬਣੇ ਹੋਏ ਹਨ। ਸਾਬਕਾ ਰਾਸ਼ਟਰਪਤੀ ਨਿਊਯਾਰਕ, ਫਲੋਰਿਡਾ ਤੇ ਵਾਸ਼ਿੰਗਟਨ ਡੀਸੀ ਵਿਚ ਕਾਨੂੰਨੀ ਪੇਸ਼ੀਆਂ ਭੁਗਤ ਚੁੱਕੇ ਹਨ। ਉਨ੍ਹਾਂ ਦੀਆਂ ਅਦਾਲਤੀ ਪੇਸ਼ੀਆਂ ਨੂੰ ਮੀਡੀਆ ਨੇ ਵੱਡੇ ਪੱਧਰ ਉਤੇ ਕਵਰ ਕੀਤਾ ਹੈ। ਇਸ ਤੋਂ ਪਹਿਲਾਂ ਟਰੰਪ ਦੇ ਵਕੀਲਾਂ ਨੇ ਅੱਜ ਐਟਲਾਂਟਾ ਵਿਚ ਨਿਆਂਇਕ ਅਧਿਕਾਰੀਆਂ ਨਾਲ ਮੁਲਾਕਾਤ ਕਰ ਕੇ ਜ਼ਮਾਨਤੀ ਬਾਂਡ ਉਤੇ ਚਰਚਾ ਕੀਤੀ।

## ਪੰਜਾਬ ਵਿੱਚ ਹੋਇਆ ਹਾਈ ਅਲਰਟ ਭਾਖੜਾ ਦੇ ਪਾਣੀ ਵਾਧੇ ਕਾਰਨ



**ਚੰਡੀਗੜ੍ਹ :** ਭਾਖੜਾ ਅਤੇ ਪੌਂਗ ਡੈਮਾਂ ‘ਚ ਪਾਣੀ ਦੀ ਆਮਦ ਵਧਣ ਕਾਰਨ ਪੰਜਾਬ ਨੂੰ ਹਾਈ ਅਲਰਟ ‘ਤੇ ਰੱਖਿਆ ਗਿਆ ਹੈ। ਭਾਖੜਾ ਵਿੱਚ 1.28 ਲੱਖ ਕਿਊਸਿਕ ਅਤੇ ਪੌਂਗ ਡੈਮ ਵਿੱਚ 1.58 ਲੱਖ ਕਿਊਸਿਕ ਦਾ ਵਹਾਅ ਹੈ। ਮੰਗਲਵਾਰ ਨੂੰ ਭਾਖੜਾ ਡੈਮ ਵਿੱਚ 1.05 ਲੱਖ ਕਿਊਸਿਕ ਅਤੇ ਪੌਂਗ ਡੈਮ ਵਿੱਚ 58,702 ਕਿਊਸਿਕ ਸੀ। ਨਤੀਜੇ ਵਜੋਂ ਭਾਖੜਾ ਡੈਮ ਤੋਂ 58,400 ਕਿਊਸਿਕ ਅਤੇ ਪੌਂਗ ਡੈਮ ਤੋਂ 67,083 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ। ਸਤਲੁਜ ਅਤੇ ਬਿਆਸ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਲਗਾਤਾਰ ਉੱਚਾ ਹੈ।


# ਸੰਖੇਪ ਖਬਰਾਂ

## ਕਿਸਾਨਾਂ ਦੇ ਅੰਦੋਲਨ ਵਿੱਚ ਸਿਮਰਨਜੀਤ ਸਿੰਘ ਮਾਨ ਪਹੁੰਚੇ



**ਲੌਂਗੋਵਾਲ :** ਕਿਸਾਨ ਜਥੇਬੰਦੀਆਂ ਵਲੋਂ ਕਿਸਾਨੀ ਮੰਗਾਂ ਨੂੰ ਲੈ ਕੇ ਅਤੇ ਪੁਲਿਸ ਵਲੋਂ ਲਾਠੀਚਾਰਜ ਕੀਤੇ ਜਾਣ ਕਾਰਨ ਕਿਸਾਨ ਪ੍ਰੀਤਮ ਸਿੰਘ ਦੀ ਹੋਈ ਮੌਤ ਦੇ ਰੋਸ ਵਜੋਂ ਲੌਂਗੋਵਾਲ ਵਿਖੇ ਚੱਲ ਰਹੇ ਅੰਦੋਲਨ ਵਿਚ ਅੱਜ ਸ਼੍ਰੋਮਣੀ ਅਕਾਲੀ ਦਲ (ਅ) ਦੇ ਪ੍ਰਧਾਨ ਅਤੇ ਮੈਂਬਰ ਪਾਰਲੀਮੈਂਟ ਸ. ਸਿਮਰਨਜੀਤ ਸਿੰਘ ਮਾਨ, ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਦਲਵੀਰ ਸਿੰਘ ਗੋਲਡੀ ਦੇ ਧਰਮਪਤਨੀ ਹਰਸਿਮਰਤ ਕੌਰ ਖੰਗੂੜਾ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਸ. ਸਿਮਰਨਜੀਤ ਸਿੰਘ ਮਾਨ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦੀ ਨਿਖੇਧੀ ਕਰਦਿਆਂ ਪੀੜਤ ਕਿਸਾਨ ਪਰਿਵਾਰਾਂ ਨੂੰ ਬਿਨ੍ਹਾਂ ਕਿਸੇ ਦੇਰੀ ਦੇ ਤੁਰੰਤ ਮੁਆਵਜ਼ਾ ਦੇਣ ਦੀ ਗੱਲ ਕੀਤੀ।

## ਮਿਜ਼ੋਰਮ ’ਚ ਡਿੱਗਿਆ ਰੇਲਵੇ ਪੁਲ 17 ਦੀ ਹੋਈ ਮੌਤ



**ਆਇਜ਼ੌਲ :** ਮਿਜ਼ੋਰਮ ਵਿੱਚ ਨਿਰਮਾਣ ਅਧੀਨ ਰੇਲਵੇ ਪੁਲ ਡਿੱਗਣ ਕਾਰਨ ਘੱਟੋ-ਘੱਟ 17 ਮਜ਼ਦੂਰਾਂ ਦੀ ਮੌਤ ਹੋ ਗਈ। ਪੁਲੀਸ ਨੇ ਦੱਸਿਆ ਕਿ ਇਹ ਪੁਲ ਸਾਈਰੰਗ ਖੇਤਰ ਦੇ ਨੇੜੇ ਹੈ। ਕਈ ਹੋਰ ਲੋਕਾਂ ਦੇ ਮਲਬੇ ਵਿੱਚ ਦਬੇ ਹੋਣ ਦਾ ਖਦਸ਼ਾ ਹੈ, ਕਿਉਂਕਿ ਉੱਥੇ 35-40 ਕਰਮਚਾਰੀ ਮੌਜੂਦ ਸਨ।

## ਐਸਟੀਐਫ ਨੇ 41 ਕਿਲੋ ਹੈਰੋਇਨ ਨਾਲ 3 ਵਿਅਕਤੀ ਕਾਬੂ ਕੀਤੇ

**ਅੰਮ੍ਰਿਤਸਰ/ਲੋਕ ਬਾਣੀ :** ਪੰਜਾਬ ਪੁਲੀਸ ਦੇ ਸਪੈਸ਼ਲ ਟਾਸਕ ਫੋਰਸ ਵਿੰਗ ਨੇ ਪਾਕਿਸਤਾਨ ਤੋਂ ਰਾਵੀ ਦਰਿਆ ਰਸਤੇ ਭਾਰਤ ਭੇਜੀ 41 ਕਿਲੋ ਹੈਰੋਇਨ ਬਰਾਮਦ ਕੀਤੀ ਹੈ। ਇਸ ਸਬੰਧ ਵਿੱਚ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫਤਾਰ ਕੀਤੇ ਵਿਅਕਤੀਆਂ ਦੇ ਸ਼ਨਾਖਤ ਆਗਿਆ ਪਾਲ ਸਿੰਘ, ਰਣਜੀਤ ਸਿੰਘ ਅਤੇ ਸੰਦੀਪ ਸਿੰਘ ਵਜੋਂ ਹੋਈ ਹੈ। ਐੱਸਟੀਐੱਫ ਦੇ ਏਆਈਜੀ ਮੁਖਤਾਰ ਰਾਏ ਨੇ ਦੱਸਿਆ ਕਿ ਇਹ ਹੈਰੋਇਨ ਦੀ ਖੇਪ ਛੇ ਦਿਨ ਪਹਿਲਾਂ ਰਾਵੀ ਦਰਿਆ ਰਸਤੇ ਰਮਦਾਸ ਇਲਾਕੇ ਵਿੱਚ ਪੁੱਜੀ ਸੀ। ਗ੍ਰਿਫ਼ਤਾਰ ਆਗਿਆ ਪਾਲ ਦੇ ਪਾਕਿਸਤਾਨੀ ਤਸਕਰਾਂ ਨਾਲ ਸੰਪਰਕ ਹਨ। ਉਸ ਦੇ ਸਬੰਧ ਪਾਕਿਸਤਾਨੀ ਖੁਫੀਆ ਏਜੰਸੀ ਨਾਲ ਵੀ ਹਨ, ਜਿਸ ਬਾਰੇ ਹੁਣ ਜਾਂਚ ਕੀਤੀ ਜਾਵੇਗੀ। ਨਸ਼ੀਲੇ ਪਦਾਰਥਾਂ ਦੀ ਇਸ ਖੇਪ ਨੂੰ ਡੰਗਰਾਂ ਦੀ ਹਵੇਲੀ ਵਿੱਚ ਇੱਟਾਂ ਦੇ ਫ਼ਰਸ਼ ਹੇਠ ਲੁਕਾਇਆ ਹੋਇਆ ਸੀ। ਬਰਾਮਦ ਹੈਰੋਇਨ ਦੀ ਕੀਮਤ ਕੌਮਾਂਤਰੀ ਬਾਜ਼ਾਰ ਵਿਚ 200 ਕਰੋੜ ਰੁਪਏ ਤੋਂ ਵੱਧ ਦੱਸੀ ਗਈ ਹੈ।



## ਕੈਂਸਰ ਨਾਲ ਹੋਈ ਜਿੰਬਾਬਵੇ ਦੇ ਮਹਾਨ ਕ੍ਰਿਕਟਰ ਹੀਥ ਸਟਰੀਕ ਦੀ ਮੌਤ



**ਨਵੀਂ ਦਿੱਲੀ :** ਜ਼ਿੰਬਾਬਵੇ ਦੇ ਸਭ ਤੋਂ ਮਾਣਮੱਤੇ ਕ੍ਰਿਕਟਰਾਂ ਵਿੱਚੋਂ ਇੱਕ ਤੇ ਸਾਬਕਾ ਕਪਤਾਨ ਹੀਥ ਸਟਰੀਕ ਦਾ ਅੱਜ 49 ਸਾਲ ਦੀ ਉਮਰ ਵਿੱਚ ਕੈਂਸਰ ਕਾਰਨ ਦੇਹਾਂਤ ਹੋ ਗਿਆ। ਸਟਰੀਕ ਦੇ ਗੇਂਦਬਾਜ਼ ਸਾਥੀ ਹੈਨਰੀ ਓਲਾਂਗਾ ਨੇ ਦੁੱਖ ਦਾ ਪ੍ਰਗਟਾਵਾ ਐਕਸ (ਪਹਿਲਾਂ ਟਵਿੱਟਰ) ‘ਤੇ ਕਰਦਿਆਂ ਕਿਹਾ,‘ਮਹਾਨ ਗੇਂਦਬਾਜ਼ ਆਲਰਾਊਂਡਰ ਦਾ ਦੇਹਾਂਤ।’

## ਪੰਜਾਬ ਦੇ ਸਾਰੇ ਸਕੂਲਾਂ ਵਿੱਚ ਹੋਇਆ 26 ਤੱਕ ਛੁੱਟੀਆਂ

**ਜਲੰਧਰ/ਰਾਕੇਸ਼ ਵਰਮਾ :** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ ਅਨੁਸਾਰ ਹਿਮਾਚਲ ਪ੍ਰਦੇਸ਼ ਵਿਚ ਭਾਰੀ ਮੀਂਹ ਦੀ ਚਿਤਾਵਨੀ ਨੂੰ ਗੰਭੀਰਤਾ ਨਾਲ ਲੈਂਦਿਆਂ ਤਿੰਨ ਦਿਨਾਂ ਲਈ 26 ਅਗਸਤ ਤੱਕ ਪੰਜਾਬ ਦੇ ਸਾਰੇ ਸਕੂਲ ਕਾਲਜ ਬੰਦ ਰੱਖਣ ਦਾ ਫੈਸਲਾ ਕੀਤਾ ਗਿਆ ਹੈ। ਇਸ ਸਬੰਧੀ ਰਾਜ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸੋਸ਼ਲ ਮੀਡੀਆ ’ਤੇ ਜਾਣਕਾਰੀ ਸਾਂਝੀ ਕੀਤੀ ਹੈ।

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ®
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
82880 21797
82880 21798
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ
ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

Website : www.lokbani.com
lokbani08@gmail.com

# ਡੈਮੋਕਰੇਟਿਕ ਆਸ਼ਾ ਵਰਕਰਜ ਫੈਸਿਲੀਟੇਟਰ ਯੂਨੀਅਨ ਪੰਜਾਬ ਵਲੋਂ ਸਿਹਤ ਮੰਤਰੀ ਪੰਜਾਬ ਨੂੰ ਸਿਵਲ ਸਰਜਨ ਗੁਰਦਾਸਪੁਰ ਰਾਹੀ ਭੇਜਿਆ ਮੰਗ ਪੱਤਰ




• ਗੁਰਦਾਸਪੁਰ-ਨਵਨੀਤ ਕੁਮਾਰ

ਡੈਮੋਕਰੇਟਿਕ ਆਸ਼ਾ ਵਰਕਰਜ ਫੈਸਿਲੀਟੇਟਰ ਯੂਨੀਅਨ ਪੰਜਾਬ ਦੀ ਸੂਬਾਈ ਮੀਟਿੰਗ ਦੇ ਫੈਸਲੇ ਅਨੁਸਾਰ ਗੁਰਦਾਸਪੁਰ ਦੀਆਂ ਸਮੂਹ ਜ਼ਿਲ੍ਹਾ ਕਮੇਟੀ ਮੈਂਬਰਾਂ ਵੱਲੋਂ ਸੂਬਾ ਪ੍ਰਧਾਨ ਮਨਦੀਪ ਕੌਰ ਬਿਲਗਾ, ਸੂਬਾਈ ਵਿੱਤ ਸਕੱਤਰ ਪਰਮਜੀਤ ਕੌਰ ਮਾਨ ਦੀ ਅਗਵਾਈ ਹੇਠ ਹਰਭਜਨ ਮਾਂਡੀ ਸਿਵਲ ਸਰਜਨ ਗੁਰਦਾਸਪੁਰ ਰਾਹੀ ਸਿਹਤ ਮੰਤਰੀ ਪੰਜਾਬ ਨੂੰ ਮੰਗ ਪੱਤਰ ਭੇਜਿਆ। ਆਪਣੀਆ ਮੰਗਾ ਨਾ ਮੰਨੇ ਜਾਣ ਦੀ ਸੂਰਤ ਵਿੱਚ ਸਿਹਤ ਮੰਤਰੀ ਪੰਜਾਬ ਨੂੰ 15 ਸਤੰਬਰ ਨੂੰ ਪਟਿਆਲਾ ਵਿਖੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ।ਇਸ ਮੌਕੇ ਜਿਲਾ ਪ੍ਰਧਾਨ ਬਲਵਿੰਦਰ ਕੌਰ ਅਲੀ ਸ਼ੇਰ , ਗੁਰਵਿੰਦਰ ਕੌਰ ਬਹਿਰਾਮਪੁਰ ਜਰਨਲ ਸਕੱਤਰ , ਗੁਰਿੰਦਰ ਕੌਰ ਸ਼ਾਹਪੁਰ ਕੋਟਲੀ, ਮਨਜੀਤ ਕੌਰ ਭੁੱਲਰ ਸਿਮਰਨਜੀਤ ਕੌਰ, ਕਰਮਜੀਤ ਕੌਰ ਨੌਸ਼ਹਿਰਾ ਮੱਝਾ ਸਿੰਘ, ਮਨਜੀਤ ਕੌਰ ਰਣਜੀਤ ਬਾਗ,ਅੰਚਲ ਮੱਟੂ ਬਟਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚੋਣਾਂ ਦੌਰਾਨ ਮਿਲਦੇ ਭੱਤੇ ਦੂਗਣੇ ਕਰਨ ਦਾ ਵਾਅਦਾ ਕੀਤਾ ਸੀ। ਪਰ ਦਿਨ ਰਾਤ ਮਿਹਨਤ ਕਰਨ ਦੇ ਬਾਵਜੂਦ ਉਨ੍ਹਾਂ ਨੂੰ ਮਹਿਜ਼ 2500 ਰੁਪਏ ਮਹੀਨਾ ਤਨਖਾਹ ਦਿੱਤੀ ਜਾਂਦੀ ਹੈ। ਵਰਕਰਾਂ ਨੂੰ ਕੋਈ ਪ੍ਰਸੂਤਾ ਛੁੱਟੀ ਨਹੀਂ ਦਿੱਤੀ ਜਾਂਦੀ। ਵਰਕਰਾਂ ਨੂੰ ਹਰ ਤਰ੍ਹਾਂ ਦੀਆਂ ਮੈਡੀਕਲ ਸਹੂਲਤਾਂ ਤੋਂ ਸੱਖਣਾ ਰੱਖ ਕੇ ਬੇ ਵਕਤੀ ਮੌਤ ਦੇ ਮੂੰਹ ਵਿੱਚ ਧੱਕਿਆ ਜਾ ਰਿਹਾ ਹੈ। ਇਸ ਮੌਕੇ ਜਸਵਿੰਦਰ ਕੌਰ ਰਣਜੀਤ ਬਾਗ, ਊਸ਼ਾ ਧਮਰਾਈ,ਸਵਿੰਦਰ ਕੌਰ ਸਿੰਦੀ ਫ਼ਤੇ ਨੰਗਲ, ਨੇ ਦੱਸਿਆ ਕਿ ਆਪਣੇ ਸੰਘਰਸ਼ ਨੂੰ ਤਿੱਖਾ ਕਰਨ ਲਈ 25 ਅਗਸਤ ਤੋਂ 5 ਸਿਤੰਬਰ ਤਕ ਸਾਰੇ ਸਿਹਤ ਬਲਾਕਾਂ ਵਿੱਚ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤੋਸ਼ ਕੁਮਾਰੀ, ਵੀਨਾ ਰਾਣੀ ਹਰਜਿੰਦਰ ਅਲਕਾ, ਆਸਾ ਰਾਣੀ ਹਾਜ਼ਰ ਸਨ।

# ਸਿਹਤ ਵਿਭਾਗ ਨੇ ਮਲੇਰੀਆ ਤੇ ਡੇਂਗੂ ਦੇ ਮੱਛਰਾਂ ਨੂੰ ਖਤਮ ਕਰਨ ਲਈ ਚਲਾਈ ਵਿਸ਼ੇਸ਼ ਮੁਹਿੰਮ

• ਗੁਰਦਾਸਪੁਰ- ਨਵਨੀਤ ਕੁਮਾਰ

ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਲੇਰੀਆ ਅਤੇ ਡੇਂਗੂ ਦੀਆਂ ਬਿਮਾਰੀਆਂ ਨੂੰ ਫੈਲਣ ਤੋਂ ਰੋਕਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਸਿਹਤ ਵਿਭਾਗ ਵੱਲੋਂ ਜਿਥੇ ਪਿੰਡ-ਪਿੰਡ ਜਾ ਕੇ ਮੱਛਰਾਂ ਨੂੰ ਮਾਰਨ ਲਈ ਸਪਰੇਅ ਕਰਨ ਦੇ ਨਾਲ ਫੌਗਿੰਗ ਕੀਤੀ ਜਾ ਰਹੀ ਹੈ ਓਥੇ ਪਿੰਡਾਂ ਦੇ ਛੱਪੜਾਂ ਜਾਂ ਜਿਨ੍ਹਾਂ ਨੀਵੇਂ ਇਲਾਕਿਆਂ ਵਿੱਚ ਹੜ੍ਹ ਦਾ ਪਾਣੀ ਖੜ੍ਹਾ ਹੈ ਓਥੇ ਗੰਬੂਸੀਆ ਮੱਛੀਆਂ ਨੂੰ ਛੱਡਿਆ ਜਾ ਰਿਹਾ ਹੈ ਜੋ ਕਿ ਪਾਣੀ ਵਿੱਚ ਪਨਪਣ ਵਾਲੇ ਮੱਛਰਾਂ ਦੇ ਲਾਰਵੇ ਨੂੰ ਖਤਮ ਕਰਨ ਵਿੱਚ ਸਹਾਈ ਹੁੰਦੀਆਂ ਹਨ। ਸਿਵਲ ਸਰਜਨ ਗੁਰਦਾਸਪੁਰ ਡਾ. ਹਰਭਜਨ ਰਾਮ ਮਾਂਡੀ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਰੋਮੀ ਰਾਜਾ ਅਤੇ ਜ਼ਿਲ੍ਹਾ ਐਪੀਡਮੋਲੋਜਿਸਟ ਡਾ. ਪ੍ਰਭਜੋਤ ਕਲਸੀ ਵੱਲੋਂ ਪ੍ਰਾਇਮਰੀ ਹੈਲਥ ਸੈਂਟਰ ਰਣਜੀਤ ਬਾਗ ਵਿਖੇ ਸਥਿਤ ਗੰਬੂਸੀਆ ਮੱਛੀਆਂ ਦੀ ਜ਼ਿਲ੍ਹਾ ਹੈਚਰੀ ਦਾ ਦੌਰਾ ਕੀਤਾ ਗਿਆ।

ਡਾ. ਹਰਭਜਨ ਰਾਮ ਨੇ ਦੱਸਿਆ ਕਿ ਵੈਕਟਰ-ਬੋਰਨ ਬਿਮਾਰੀਆਂ ਜਿਵੇ ਕਿ ਡੇਂਗੂ, ਮਲੇਰੀਆ ਅਤੇ ਚਿਕਨਗੁਣੀਆ ਆਦਿ ਨੂੰ ਫੈਲਣ ਤੋਂ ਰੋਕਣ ਅਤੇ ਮੱਛਰ ਦੇ ਲਾਰਵੇ ਨੂੰ ਖਾਣ ਵਾਲੀ ਗੰਬੂਸੀਆ ਮੱਛੀਆਂ ਨੂੰ ਇੱਥੇ ਪਾਲਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਹੜ੍ਹ ਪ੍ਰਭਾਵਤ ਖੇਤਰ ਵਿੱਚ ਵਿਸ਼ੇਸ਼ ਮੁਹਿੰਮ ਤਹਿਤ ਅਗਲੇ 3 ਦਿਨਾਂ ਚ 92 ਛੱਪੜਾਂ ਵਿਚ ਇਹ ਗੰਬੂਸੀਆ ਮੱਛੀਆਂ ਛੱਡੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਗੰਬੂਸ਼ੀਆ ਮੱਛੀਆਂ ਨੂੰ ਟੋਏ ਛੱਪੜ ਜਾਂ ਆਸ-ਪਾਸ ਦੇ ਕਿਸੇ ਵੀ ਜਲ-ਘਰ ਵਿੱਚ ਛੱਡਿਆ ਜਾ ਸਕਦਾ ਹੈ ਜਿੱਥੇ ਮੱਛਰ ਦੇ ਲਾਰਵੇ ਹੁੰਦੇ ਹਨ। ਸਿਵਲ ਸਰਜਨ ਨੇ ਅੱਗੇ ਦੱਸਿਆ ਕਿ ਗੰਬੂਸ਼ੀਆ ਮੱਛੀਆਂ ਦੀ ਮਦਦ ਨਾਲ ਮੱਛਰ ਦੇ ਲਾਰਵੇ ਨੂੰ ਨਸ਼ਟ ਕਰਨਾ ਨਾ ਸਿਰਫ਼ ਵਾਤਾਵਰਣ ਲਈ ਅਨੁਕੂਲ ਹੈ ਸਗੋਂ ਇਹ ਇੱਕ ਪ੍ਰਭਾਵਸ਼ਾਲੀ ਉਪਾਅ ਵੀ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਅਤੇ ਖਾਸ ਕਰਕੇ ਹੜ੍ਹ ਪ੍ਰਭਾਵਤ ਖੇਤਰਾਂ ਦੇ ਵਸਨੀਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਪਿੰਡਾਂ ਦੇ ਛੱਪੜਾਂ ਜਾਂ ਜਿਥੇ ਕਿਤੇ ਵੀ ਹੜ੍ਹ ਦਾ ਪਾਣੀ ਖੜ੍ਹਾ ਹੈ ਉਸ ਵਿੱਚ ਗੰਬੂਸੀਆ ਮੱਛੀਆਂ ਦਾ ਪੂੰਗ ਪਾਉਣ ਤਾਂ ਜੋ ਡੇਂਗੂ ਅਤੇ ਮਲੇਰੀਆ ਦੇ ਮੱਛਰਾਂ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਗੰਬੂਸੀਆ ਮੱਛੀਆਂ ਦਾ ਪੂੰਗ ਕਿਸੇ ਵੀ ਕੰਮਕਾਜ ਵਾਲੇ ਦਿਨ ਸਵੇਰੇ 8:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਪੀ.ਐੱਚ.ਸੀ. ਰਣਜੀਤ ਬਾਗ਼ ਵਿਖੇ ਹੈਲਥ ਇੰਸਪੈਕਟਰ ਗੁਰਜੀਤ ਸਿੰਘ ਨਾਲ ਉਨ੍ਹਾਂ ਦੇ ਮੋਬਾਈਲ ਨੰਬਰ 87258-00272 ▾ਤੇ ਤਾਲ ਮੇਲ ਕਰਕੇ ਮੁਫ਼ਤ ਲਿਜਾਇਆ ਜਾ ਸਕਦਾ ਹੈ। ਇਸ ਮੌਕੇ ਏ.ਐੱਮ.ਓ. ਸ਼ਿਵ ਚਰਨ, ਬਲਾਕ ਐਜੂਕੇਟਰ ਸੰਦੀਪ ਕੌਰ, ਗੁਰਜੀਤ ਸਿੰਘ ਐੱਚ.ਆਈ. ਅਤੇ ਹੈਲਥ ਵਰਕਰ ਹਾਜ਼ਰ ਸਨ।



■ ਮੱਛਰਾਂ ਦਾ ਲਾਰਵਾ ਖਾਣ ਵਾਲੀ ਗੰਬੂਸੀਆ ਮੱਛੀਆਂ ਦੇ ਪੂੰਗ ਨੂੰ ਛੱਪੜਾਂ ਵਿੱਚ ਛੱਡਿਆ ਜਾ ਰਿਹਾ

# ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਤਹਿਸੀਲਦਾਰਾਂ ਤੇ ਨਾਇਬ ਤਹਿਸੀਲਦਾਰਾਂ ਨੂੰ ਮੈਜਿਸਟਰੇਟ ਤਾਇਨਾਤ ਕੀਤਾ


• ਗੁਰਦਾਸਪੁਰ-ਨਵਨੀਤ ਕੁਮਾਰ

ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਜ਼ਿਲ੍ਹੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਬਣਾਈ ਰੱਖਣ ਅਤੇ ਲੋਕਾਂ ਦੀ ਸੁਰੱਖਿਆ ਦੇ ਉਦੇਸ਼ ਨਾਲ ਜ਼ਿਲ੍ਹੇ ਦੇ ਸਮੂਹ ਤਹਿਸੀਲਦਾਰਾਂ ਅਤੇ ਨਾਇਬ ਤਹਿਸੀਲਦਾਰ ਨੂੰ ਮੈਜਿਸਟ?ਰੇਟ ਤਾਇਨਾਤ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਇਨ੍ਹਾਂ ਹੁਕਮਾਂ ਨੂੰ ਤੁਰੰਤ ਪ੍ਰਭਾਵ ਨਾਲ ਲਾਗੂ ਕਰ ਦਿੱਤਾ ਗਿਆ ਹੈ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ ਬਤੌਰ ਮੈਜਿਸਟ?ਰੇਟ ਆਪਣੇ ਇਲਾਕੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਬਣਾਏ ਰੱਖਣ ਲਈ ਜਿੰਮੇਵਾਰ ਹੋਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਮੈਜਿਸਟ?ਰੇਟਸ ਵੱਲੋਂ ਕਾਨੂੰਨ ਵਿਵਸਥਾ ਦੇ ਪੱਖ ਤੋਂ ਸਾਰੀ ਸਥਿਤੀ ਉੱਪਰ ਗਹਿਰੀ ਨਜ਼ਰ ਰੱਖੀ ਜਾਵੇਗੀ ਤਾਂ ਜੋ ਜ਼ਿਲ੍ਹੇ ਵਿੱਚ ਕੋਈ ਵੀ ਅਣ-ਸੁਖਾਵੀਂ ਘਟਨਾ ਨਾ ਵਾਪਰੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੀ ਸੇਵਾ ਤੇ ਸਹੂਲਤ ਲਈ ਹਰ ਸਮੇਂ ਹਾਜ਼ਰ ਹੈ ਅਤੇ ਲੋਕਾਂ ਦੀ ਜਾਨ-ਮਾਲੀ ਦੀ ਰਾਖੀ ਅਤੇ ਸੁਰੱਖਿਆ ਦੇ ਨਾਲ ਕਾਨੂੰਨ ਵਿਵਸਥਾ ਨੂੰ ਬਣਾ ਕੇ ਰੱਖਣਾ ਜ਼ਿਲ੍ਹਾ ਪ੍ਰਸ਼ਾਸਨ ਦੀ ਜਿੰਮੇਵਾਰੀ ਹੈ। ਡਿਪਟੀ ਕਮਿਸ਼ਨਰ ਦੇ ਹੁਕਮਾਂ ਤੋਂ ਬਾਅਦ ਜ਼ਿਲ੍ਹੇ ਦੇ ਤਹਿਸੀਲਦਾਰਾਂ ਤੇ ਨਾਇਬ ਤਹਿਸੀਲਦਾਰਾਂ ਵੱਲੋਂ ਬਤੌਰ ਮੈਜਿਟਰੇਟ ਆਪਣੀ ਡਿਊਟੀ ਸੰਭਾਲ ਲਈ ਗਈ ਹੈ।



# ਜ਼ਿਲ੍ਹਾ ਗੁਰਦਾਸਪੁਰ ’ਚ 9 ਸਤੰਬਰ ਨੂੰ ਲੱਗੇਗੀ ਕੌਮੀ ਲੋਕ ਅਦਾਲਤ - ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਰਜਿੰਦਰ ਅਗਰਵਾਲ

■ ਲੋਕ ਅਦਾਲਤ ਰਾਹੀਂ ਕੇਸਾਂ ਦਾ ਫੈਸਲਾ ਕਰਵਾ ਕੇ ਸਮੇਂ ਤੇ ਪੈਸੇ ਦੀ ਕੀਤੀ ਜਾ ਸਕਦੀ ਹੈ ਬਚਤ



• ਗੁਰਦਾਸਪਰ-ਨਵਨੀਤ ਕੁਮਾਰ

ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਕਾਰਜਕਾਰੀ ਚੇਅਰਮੈਨ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ. ਨਗਰ ਦੀਆਂ ਹਦਾਇਤਾਂ ਅਨੁਸਾਰ ਗੁਰਦਾਸਪੁਰ ਜ਼ਿਲ੍ਹੇ ਵਿੱਚ ਅਗਲੀ ਕੌਮੀ ਲੋਕ ਅਦਾਲਤ 9 ਸਤੰਬਰ 2023 ਨੂੰ ਲਗਾਈ ਜਾ ਰਹੀ ਹੈ। 9 ਸਤੰਬਰ ਨੂੰ ਲੱਗਣ ਵਾਲੀ ਕੌਮੀ ਲੋਕ ਅਦਾਲਤ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਰਜਿੰਦਰ ਅਗਰਵਾਲ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ 138 ਐੱਨ.ਆਈ. ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਬਿਜਲੀ, ਪਾਣੀ, ਅਤੇ ਕਮੇਟੀ ਘਰ ਦੇ ਹੋਰ ਕੇਸ ਜਿਵੇਂ ਕਿ ਸੀਵਰੇਜ਼, ਵਾਟਰ ਸਪਲਾਈ, ਹਾਊਸ ਟੈਕਸ, ਸਾਇਟ ਪਲੈਨ ਆਦਿ, ਸਾਰੇ ਤਰਾਂ ਦੇ ਸਿਵਲ ਕੇਸ, ਛੋਟੇ ਘੱਟ ਸਜ਼ਾ ਵਾਲੇ ਅਪਰਾਧ, ਵਿਆਹੁਤਾ ਝਗੜੇ, ਐਮ.ਏ.ਸੀ.ਟੀ. (ਮੋਟਰ ਐਕਸੀਡੈਂਟ) ਦੇ ਕੇਸ, ਇੰਸ਼ੋਰੈਂਸ ਕਲੇਮ ਦੇ ਕੇਸਾਂ ਦਾ ਵੀ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਆਪਣੇ ਝਗੜੇ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਇਸ ਰਾਸ਼ਟਰੀ ਲੋਕ ਅਦਾਲਤ ਜ਼ਰੀਏ ਹੱਲ ਕਰਨਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਆਪਣੇ ਸਬੰਧਤ ਕੋਰਟ ਵਿੱਚ ਜਾਂ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫ਼ਤਰ ਵਿਖੇ ਦੇ ਸਕਦਾ ਹੈ। ਉਨਾਂ ਕਿਹਾ ਕਿ ਨੈਸ਼ਨਲ ਲੋਕ ਅਦਾਲਤ ਰਾਹੀਂ ਹੱਲ ਕੀਤੇ ਜਾਂਦੇ ਮੁਕੱਦਮਿਆਂ ਦੀ ਅੱਗੇ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ ਅਤੇ ਲੋਕ ਅਦਾਲਤ ਰਾਹੀਂ ਹੱਲ ਕੀਤੇ ਗਏ ਮਾਮਲੇ ਦਾ ਫੈਸਲਾ ਅੰਤਿਮ ਹੁੰਦਾ ਹੈ। ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਰਜਿੰਦਰ ਅਗਰਵਲਾ ਨੇ ਕਿਹਾ ਕਿ ਨੈਸ਼ਨਲ ਲੋਕ ਅਦਾਲਤ ਰਾਹੀਂ ਆਪਣੇ ਮੁਕੱਦਮੇ ਹੱਲ ਕਰਵਾਉਣ ਲਈ ਜਿਥੇ ਲੋਕਾਂ ਦੇ ਪੈਸੇ ਦੀ ਬਚਤ ਹੁੰਦੀ ਹੈ ਉਥੇ ਦੋਹਾਂ ਧਿਰਾਂ ਵਿੱਚ ਪ੍ਰੇਮ ਪਿਆਰ ਵੀ ਬਣਿਆ ਰਹਿੰਦਾ ਹੈ ਅਤੇ ਕੋਈ ਵੀ ਧਿਰ ਆਪਣੇ ਆਪ ਨੂੰ ਜਿੱਤੀ ਜਾਂ ਹਾਰੀ ਮਹਿਸੂਸ ਨਹੀਂ ਕਰਦੀ। ਜੇਕਰ ਲੋਕ ਅਦਾਲਤ ਵਿੱਚ ਕੇਸ ਦਾ ਫੈਸਲਾ ਹੋ ਜਾਂਦਾ ਹੈ ਤਾਂ ਇਸ ਕੇਸ ਵਿੱਚ ਲੱਗੀ ਕੋਰਟ ਫੀਸ ਵੀ ਵਾਪਿਸ ਹੋ ਜਾਂਦੀ ਹੈ।

# ਤਾਰਾ ਚੰਦ ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਦੇ ਬੱਚਿਆਂ ਨੇ ਖੇਡਾਂ ਵਿੱਚ ਮਾਰੀਆਂ ਮੱਲਾਂ

**ਭੀਖੀ :** ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਵਿਖੇ ਵਿੱਦਿਆ ਭਾਰਤੀ ਅਖਿਲ ਭਾਰਤੀ ਸਿੱਖਿਆ ਸੰਸਥਾਨ ਦੁਆਰਾ ਆਯੋਜਿਤ ਕੀਤੇ ਗਏ 34ਵੀਂ ਪ੍ਰਾਂਤ ਪੱਧਰੀ ਖੇਡਾਂ ਅਤੇ ਭੀਖੀ ਜੋਨ ਖੇਡਾਂ ਵਿੱਚ ਸ਼?ਗੀ ਤਾਰਾ ਚੰਦ ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਦੇ ਬੱਚਿਆਂ ਨੇ ਵੱਖ -ਵੱਖ ਖੇਡਾਂ ਵਿੱਚ ਸੋਨ ਤਗ਼ਮੇ ਜਿੱਤ ਕੇ ਆਪਣਾ ਤੇ ਆਪਣੇ ਵਿੱਦਿਆ ਮੰਦਰ ਦਾ ਨਾਂ ਚਮਕਾਇਆ। ਬਾਸਕਟ-ਬਾਲ ਦੀ ਖੇਡ ਵਿੱਚ ਅੰਡਰ-14, ਅੰਡਰ -17, ਤੇ ਅੰਡਰ -19 , ਬੈਡਮਿੰਟਨ ਅੰਡਰ 17- ਅਤੇ ਅੰਡਰ-19 ਜੋਨ ਪੱਧਰ ਗਰੁੱਪ ਵਿੱਚ ਲੜਕੇ ਤੇ ਲੜਕੀਆਂ ਦੀਆਂ ਟੀਮਾਂ ਨੇ ਪਹਿਲਾ ਸਥਾਨ ਤੇ ਸਕੇਟਿੰਗ ਵਿੱਚ ਅੰਡਰ -14, ਅੰਡਰ -17 ਲੜਕਿਆਂ ਨੇ ਪਹਿਲਾ ਸਥਾਨ ਤੇ ਅੰਡਰ -19 ਗਰੁੱਪ ਵਿੱਚ ਲੜਕਿਆ ਨੇ ਪਹਿਲਾਂ ਸਥਾਨ ਪ੍ਰਾਪਤ ਕੀਤਾ। ਜੇਤੂ ਖਿਡਾਰੀਆਂ ਨੂੰ ਮੈਡਲ ਤੇ ਟਰਾਫੀ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਸ਼?ਗੀ ਸੰਜੀਵ ਕੁਮਾਰ ਨੇ ਜੇਤੂ ਖਿਡਾਰੀਆਂ ਅਤੇ ਉਹਨਾਂ ਦੇ ਕੋਚ ਸ਼?ਗੀ ਭਰਭੂਰ ਸਿੰਘ ਅਤੇ ਦੀਦੀ ਸਿਮਰਨ ਕੌਰ ਨੂੰ ਵਧਾਈ ਦਿੱਤੀ ਅਤੇ ਜਿੱਤ ਦੀ ਇਸ ਪਰੰਪਰਾ ਨੂੰ ਬਰਕਰਾਰ ਰੱਖਣ ਦੀ ਉਮੀਦ ਜ਼ਾਹਿਰ ਕਰਦੇ ਹੋਏ ਅਗਲੇ ਪੱਧਰ ਦੇ ਖੇਡ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ ।



# ਮੁੱਖ ਮੰਤਰੀ ਦੇ ਨਿਰਦੇਸ਼ਾਂ ’ਤੇ ਠੇਕੇਦਾਰ ਖਿਲਾਫ ਦਰਜ ਕੀਤੀ ਜਾ ਰਹੀ ਹੈ ਐਫ.ਆਈ.ਆਰ.

## ਡਿਪਟੀ ਕਮਿਸ਼ਨਰ ਵਲੋਂ ਸਕੂਲ ਦੀ ਛੱਤ ਡਿੱਗਣ ਦੇ ਮੈਜਿਸਟਰੇਟ ਜਾਂਚ ਦੇ ਵੀ ਹੁਕਮ ਜਾਰੀ

• ਲੁਧਿਆਣਾ/ਸੁਖਚੈਨ ਮਹਿਰਾ

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੱਦੋਵਾਲ ਵਿਖੇ ਛੱਤ ਡਿੱਗਣ ਦੀ ਘਟਨਾ ਦਾ ਗੰਭੀਰ ਨੋਟਿਸ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਕੂਲ ਦੀ ਮੁਰੰਮਤ ਦਾ ਕੰਮ ਕਰ ਰਹੇ ਠੇਕੇਦਾਰ ਖ਼ਿਲਾਫ਼ ਐਫ.ਆਈ.ਆਰ. ਦਰਜ ਕਰਨ ਅਤੇ ਮਾਮਲੇ ਦੀ ਮੈਜਿਸਟ?ਰੇਟ ਜਾਂਚ ਦੇ ਹੁਕਮ ਦਿੱਤੇ ਹਨ।ਅੱਜ ਦੀ ਮੰਦਭਾਗੀ ਘਟਨਾ ਵਿੱਚ ਅਧਿਆਪਕਾ ਰਵਿੰਦਰ ਕੌਰ (45) ਦੀ ਜਾਨ ਚਲੀ ਗਈ ਹੈ ਅਤੇ ਤਿੰਨ ਹੋਰ ਅਧਿਆਪਕਾਂ ਨਰਿੰਦਰਜੀਤ ਕੌਰ (ਡੀ.ਐਮ.ਸੀ. ਹਸਪਤਾਲ ਲੁਧਿਆਣਾ ’ਚ), ਸੁਖਜੀਤ ਕੌਰ ਅਤੇ ਇੰਦੂ ਰਾਣੀ (ਦੋਵੇਂ ਲੁਧਿਆਣਾ ਦੇ ਮੈਡੀਵੇਜ਼ ਹਸਪਤਾਲ਼ ਵਿਖੇ) ਜ਼ੇਰੇ ਇਲਾਜ਼ ਹਨ।ਇਨ੍ਹਾਂ ਤਿੰਨਾਂ ਅਧਿਆਪਕਾਂ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ।



ਜ਼ਖ਼ਮੀ ਅਧਿਆਪਕਾਂ ਨੂੰ ਮਿਲਣ ਮਗਰੋਂ ਡਿਪਟੀ ਕਮਿਸ਼ਨਰ ਸੁਰਭੀ ਮਲਿਕ ਨੇ ਦੱਸਿਆ ਕਿ ਲੁਧਿਆਣਾ ਦਿਹਾਤੀ ਪੁਲੀਸ ਵੱਲੋਂ ਠੇਕੇਦਾਰ ਖ਼ਿਲਾਫ਼ ਐਫ.ਆਈ.ਆਰ. ਦਰਜ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਹਾਦਸੇ ਦਾ ਗੰਭੀਰ ਨੋਟਿਸ ਲੈਂਦਿਆਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੇ ਹੁਕਮ ਦਿੱਤੇ ਹਨ। ਡਿਪਟੀ ਕਮਿਸ਼ਨਰ ਮਲਿਕ ਨੇ ਇਹ ਵੀ ਕਿਹਾ ਕਿ ਸਕੂਲ ਦੀ ਇਮਾਰਤ ਦੇ ਸੁਰੱਖਿਆ ਮੁਲਾਂਕਣ ਦੇ ਆਦੇਸ਼ ਦਿੱਤੇ ਗਏ ਅਤੇ ਇਮਾਰਤ ਨੂੰ ਵੀ ਸੀਲ ਕਰ ਦਿੱਤਾ ਗਿਆ ਹੈ। ਉਨ੍ਹਾਂ ਸਕੂਲ ਦੇ ਨੇੜੇ ਰਹਿਣ ਵਾਲੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਮੀਖਿਆ ਪੂਰੀ ਹੋਣ ਤੱਕ ਸਕੂਲ ਦੀ ਇਮਾਰਤ ਦੇ ਨੇੜੇ ਨਾ ਜਾਣ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹਾਦਸੇ ਦੀ ਸੂਚਨਾ ਮਿਲਦਿਆਂ ਹੀ ਪ੍ਰਸ਼ਾਸਨ ਦੀਆਂ ਵੱਖ-ਵੱਖ ਟੀਮਾਂ ਨੂੰ ਮੌਕੇ ’ਤੇ ਭੇਜਿਆ ਗਿਆ ਅਤੇ ਮਲਬੇ ਹੇਠ ਫਸੇ ਚਾਰ ਅਧਿਆਪਕਾਂ ਨੂੰ ਬਚਾਉਣ ਲਈ ਇੰਡੋ ਤਿੱਬਤ ਪੁਲਿਸ ਫੋਰਸ (ਆਈ.ਟੀ.ਬੀ.ਪੀ.) ਅਤੇ ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ (ਐਨ.ਡੀ.ਆਰ.ਐਫ.) ਦੇ ਜਵਾਨਾਂ ਨੂੰ ਬੁਲਾਇਆ ਗਿਆ।ਉਨ੍ਹਾਂ ਦੱਸਿਆ ਕਿ ਅਧਿਆਪਕਾਂ ਨੂੰ ਟੀਮਾਂ ਨੇ ਬਾਹਰ ਕੱਢਿਆ ਅਤੇ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਵਿੱਚੋਂ ਇੱਕ ਰਵਿੰਦਰ ਕੌਰ (45) ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਡਿਪਟੀ ਕਮਿਸ਼ਨਰ ਮਲਿਕ ਨੇ ਇਹ ਵੀ ਕਿਹਾ ਕਿ ਅਧਿਆਪਕਾਂ ਦੇ ਇਲਾਜ ਦਾ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਚੁੱਕਿਆ ਜਾਵੇਗਾ।

# ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪਿੰਡ ਮਹਿੰਦੀਪੁਰ ‘ਚ ਲੋੜਵੰਦਾਂ ਨੂੰ ਖਾਣ-ਪੀਣ ਅਤੇ ਹੋਰ ਸਮਾਨ ਵੰਡਿਆ



• ਨਵਾਂਸ਼ਹਿਰ/ਜਤਿੰਦਰ ਪਾਲ ਸਿੰਘ ਕਲੇਰ

ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕੰਵਲਜੀਤ ਸਿੰਘ ਬਾਜਵਾ ਦੇ ਦਿਸ਼ਾ-ਨਿਰਦੇਸ਼ਾ ‘ਤੇ ਜਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਨਿਆਂਇਕ ਅਧਿਕਾਰੀਆ ਦੇ ਸਹਿਯੋਗ ਨਾਲ ਪਿੰਡ ਮਹਿੰਦੀਪੁਰ ਵਿਖੇ ਲੋੜਵੰਦ ਪਰਿਵਾਰਾ ਨੂੰ ਖਾਣ-ਪੀਣ ਦੀ ਸਮੱਗਰੀ ਵੰਡੀ ਗਈ। ਇਸ ਦੌਰਾਨ ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਮਲਦੀਪ ਸਿੰਘ ਧਾਲੀਵਾਲ ਵੀ ਮੌਜੂਦ ਸਨ। ਜਿਲ੍ਹਾਂ ਅਤੇ ਸੈਸਨ ਜੱਜ-ਕਮ-ਚੇਅਰਮੈਨ ਸ.ਕੰਵਲਜੀਤ ਸਿੰਘ ਬਾਜਵਾ ਵੱਲੋ ਪਿੰਡ ਮਹਿੰਦੀਪੁਰ ਦੇ ਲੋੜਵੰਦ ਪਰਿਵਾਰਾ ਨੂੰ ਖਾਣ-ਪੀਣ ਦੀ ਸਮੱਗਰੀ ਵੰਡੀ ਗਈ ।ਸੀ.ਜੀ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਮਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਕਰੀਬ ਡੇਢ ਮਹੀਨੇ ਪਹਿਲਾਂ ਪਿੰਡ ਮਹਿੰਦੀਪੁਰ ਵਿਖੇ ਬਰਸਾਤ ਦੇ ਦੌਰਾਨ ਕਈ ਪਰਿਵਾਰਾਂ ਦਾ ਘਰ ਦਾ ਅਤੇ ਖਾਣ-ਪੀਣ ਦਾ ਸਮਾਨ ਖਰਾਬ ਹੋ ਗਿਆ ਸੀ। ਇਸ ਦੇ ਮੱਦੇਨਜ਼ਰ ਅਥਾਰਟੀ ਵਲੋਂ ਖਾਣ-ਪੀਣ ਅਤੇ ਘਰ ਦੇ ਹੋਰ ਜ਼ਰੂਰੀ ਸਮਾਨ ਦੀ ਲੋੜਵੰਡ ਪਰਿਵਾਰਾਂ ਨੂੰ ਵੰਡ ਕੀਤੀ ਗਈ ਹੈ। ਪਰਿਵਾਰਾਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਦਿੱਤੀ ਜਾਂਦੀ ਕਾਨੂੰਨੀ ਸਹਾਇਤਾ ਸਬੰਧੀ ਵੀ ਜਾਣਕਾਰੀ ਦਿੱਤੀ ਗਈ ਹੈ, ਤਾਂ ਜੇਕਰ ਕਿਸੇ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਦੀ ਲੋੜ ਹੈ, ਤਾਂ ਉਹ ਅਥਾਰਟੀ ਦੀ ਸਹਾਇਤਾ ਲੈ ਸਕਦਾ ਹੈ। ਇਸ ਮੌਕੇ ਦਫ਼ਤਰ ਜਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਮੂਹ ਸਟਾਫ ਮੈਂਬਰ, ਪੈਰਾ ਲੀਗਲ ਵਲੰਟੀਅਰਜ਼ ਵਾਸਦੇਵ ਪ੍ਰਦੇਸੀ ਅਤੇ ਪੈਰਾ ਲੀਗਲ ਵਲੰਟੀਅਰਜ਼ ਦੇਸ ਰਾਜ ਬਾਲੀ ਵੀ ਮੌਜੂਦ ਸਨ।

# ਚੰਦਰਯਾਨ-3 ਦੀ ਸਫਲ ਲੈਂਡਿੰਗ ਦੇ ਇਤਿਹਾਸਕ ਪਲ ਲਈ ਦੇਸ਼ ਵਾਸੀਆਂ ਨੂੰ ਵਧਾਈਆਂ : ਸਤਵੀਰ ਰਾਣਾ



• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ

ਅੱਜ ਦੇਸ਼ ਦੇ ਅੰਦਰ ਚੰਦਰਯਾਨ-3 ਦੀ ਸਫਲ ਲੈਂਡਿੰਗ ਦੌਰਾਨ ਜਿੱਥੇ ਪੂਰਾ ਦੇਸ਼ ਇਸਰੋ ਦੇ ਸਾਰੇ ਵਿਗਿਆਨੀਆਂ ਦੇ ਇਸ ਇਤਿਹਾਸਕ ਪਲ ਦੀ ਕਾਮਯਾਬੀ ’ਤੇ ਮਾਣ ਮਹਿਸੂਸ ਕਰ ਰਿਹਾ ਹੈ, ਉੱਥੇ ਹੀ ਅਗੰਮਪੁਰ ਦੇ ਨਿਵਾਸੀਆਂ ਵੱਲੋਂ ਇਸਦੀ ਖੁਸ਼ੀ ਵਿਚ ਲੱਡੂ ਵੰਡੇ ਗਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਜਪਾ ਦੇ ਮੰਡਲ ਪ੍ਰਧਾਨ ਐਡਵੋਕੇਟ ਸਤਵੀਰ ਸਿੰਘ ਰਾਣਾ ਨੇ ਦੱਸਿਆ ਕਿ ਇਸ ਪ੍ਰਾਪਤੀ ਸਦਕਾ ਜਿੱਥੇ ਭਾਰਤ ਵਿਸ਼ਵ ਪੱਧਰ ’ਤੇ ਮੋਹਰੀ ਬਣ ਗਿਆ ਹੈ, ਉੱਥੇ ਹੀ ਦੇਸ਼ ਦੇ ਪ੍ਰਧਾਨ ਮੰਤਰੀ ਵੱਲੋਂ ਸਮੇਂ-ਸਮੇਂ ’ਤੇ ਵਿਗਿਆਨੀਆਂ ਦੇ ਮਨੋਬਲ ਨੂੰ ਉੱਚਾ ਚੁੱਕਣ ਲਈ ਦੇਸ਼ ਨੂੰ ਇਸ ਬੁਲੰਦੀ ’ਤੇ ਪਹੁੰਚਾਇਆ ਹੈ, ਜਿਸ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ’ਚ ਦੇਸ਼ ਨੇ ਇਕ ਹੋਰ ਉਚਾਈ ਨੂੰ ਛੂਹਿਆ ਹੈ।ਇਸ ਮੌਕੇ ਕਰਨ ਚੌਧਰੀ, ਡਾ.ਅਨਿਲ ਸਾਬਕਾ ਸਰਪੰਚ ਰਾਮਪ੍ਰਕਾਸ਼, ਜੰਗ ਬਹਾਦਰ ਸਿੰਘ, ਹਰਦੀਪ ਸਿੰਘ, ਅਰੁਣ ਸਿੰਘ, ਦੁਰਗਾਦਾਸ, ਜਗਦੀਸ਼ ਲਾਲ ਆਦਿ ਹਾਜ਼ਰ ਸਨ।

■ ਸ੍ਰੀ ਅਨੰਦਪੁਰ ਸਾਹਿਬ ਦੇ ਪਿੰਡ ਅਗੰਮਪੁਰ ਵਿਖੇ ਇਤਿਹਾਸਕ ਮੌਕੇ ’ਤੇ ਲੱਡੂ ਵੰਡੇ

# 24 ਨੂੰ ਐਕਸੀਅਨ ਪੀ ਡਬਲਯੂ ਡੀ ਗੁਰਦਾਸਪੁਰ ਦੇ ਦਫ਼ਤਰ ਸਾਹਮਣੇ ਪੁੱਲ ਨਾ ਬਣਾਉਂਣ ਦੇ ਵਿਰੋਧ ਵਿੱਚ ਰੋਸ਼ ਧਰਨਾ



• ਰਾਕੇਸ, ਜੀਵਨ ਚੱਕ,ਦੋਰਾਂਗਲਾ

ਕਿਰਨ ਨਾਲੇ ਉੱਪਰ ਪਿੰਡ ਸੱਦਾ ਲਾਗੇ ਟੁੱਟੇ ਹੋਏ ਪੁਲ ਨੂੰ ਬਣਵਾਉਣ ਲਈ ਇਲਾਕਾ ਨਿਵਾਸੀਆਂ ਵੱਲੋਂ ਬਣਾਈ ਗਈ ਐਕਸ਼ਨ ਕਮੇਟੀ ਅਤੇ ਪੰਜਾਬ ਕਿਸਾਨ ਮਜ਼ਦੂਰ ਯੂਨੀਅਨ ਦੇ ਆਗੂਆਂ ਦੀ ਇਕ ਹੰਗਾਮੀ ਮੀਟਿੰਗ ਅਜੀਤ ਸਿੰਘ ਮਨਸੂਰਾ ,ਪ੍ਰਭਜੋਤ ਸਿੰਘ ਬਹਿਲੋਲਪੁਰ ਅਤੇ ਸੁਖਵਿੰਦਰ ਸਿੰਘ ਮਨਸੂਰਾ ਦੀ ਅਗਵਾਈ ਹੇਠ ਪਿੰਡ ਮਨਸੂਰਾਂ ਦੇ ਗੁਰਦੁਆਰਾ ਸਾਹਿਬ ਵਿਚ ਹੋਈ । ਮੀਟਿੰਗ ਵਿਚ ਇਸ ਗੱਲ ਉੱਪਰ ਸਖਤ ਰੋਸ ਪ੍ਰਗਟ ਕੀਤਾ ਗਿਆ ਕਿ ਕਿਰਨ ਨਾਲੇ ਉਪਰ ਬਣੇ ਪੁਲ ਦੇ ਟੁੱਟ ਜਾਣ ਕਾਰਨ ਇਲਾਕਾ ਨਿਵਾਸੀਆਂ ਨੂੰ ਆ ਰਹੀ ਭਾਰੀ ਪ੍ਰੇਸ਼ਾਨੀ ਬਾਰੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਲਿਖਤੀ ਰੂਪ ਵਿਚ ਜਾਣੂ ਕਰਵਾਉਣ ਦੇ ਬਾਵਜੂਦ ਨਾ ਤਾਂ ਅਜੇ ਤੱਕ ਪੁਲ ਦੀ ਮੁੜ - ਉਸਾਰੀ ਦਾ ਕਾਰਜ ਆਰੰਭ ਕੀਤਾ ਗਿਆ ਹੈ ਅਤੇ ਨਾ ਹੀ ਲੋਕਾਂ ਦੀ ਅੱਤ ਦੀ ਮੁਸ਼ਕਲ ਨੂੰ ਕੁੱਝ ਹੱਦ ਤੱਕ ਘੱਟ ਕਰਨ ਵਾਸਤੇ ਅਸਥਾਈ ਲਾਂਘਾ ਹੀ ਤਿਆਰ ਕੀਤਾ ਗਿਆ ਹੈ। ਇਸ ਸਮੇਂ ਜਾਣਕਾਰੀ ਦਿੰਦਿਆ ਮਹਿੰਦਰ ਸਿੰਘ ,ਮੇਜਰ ਸਿੰਘ ਮਨਸੂਰਾ ਅਤੇ ਪੰਜਾਬ ਕਿਸਾਨ ਮਜ਼ਦੂਰ ਯੂਨੀਅਨ ਦੇ ਆਗੂ ਗੁਰਪਿੰਦਰ ਸਿੰਘ ਉੱਚਾ ਧਕਾਲਾ ਨੇ ਦੱਸਿਆ ਕਿ ਉਪਰੋਕਤ ਸਮੱਸਿਆ ਦੇ ਹੱਲ ਦੀ ਮੰਗ ਨੂੰ ਲੈ ਕੇ ਇਲਾਕਾ ਨਿਵਾਸੀਆਂ ਦਾ ਇੱਕ ਵੱਡਾ ਵਫਦ ਮਿਤੀ ਦੱਸ ਅਗਸਤ ਨੂੰ ਪੰਜਾਬ ਕਿਸਾਨ ਮਜ਼ਦੂਰ ਯੂਨੀਅਨ ਦੀ ਅਗਵਾਈ ਹੇਠ ਡੀ ਸੀ ਗੁਰਦਾਸਪੁਰ ਅਤੇ ਐਕਸੀਅਨ ਪੀਡਬਲਯੂਡੀ ਗੁਰਦਾਸਪੁਰ ਨੂੰ ਮਿਲਿਆ ਸੀ ਜਿਨ੍ਹਾਂ ਨੇ ਤਿੰਨ ਦਿਨ ਦੇ ਅੰਦਰ ਅੰਦਰ ਆਰਜੀ ਲਾਂਘਾ ਤਿਆਰ ਕਰ ਦੇਣ ਅਤੇ ਪੁਲ ਦੀ ਉਸਾਰੀ ਜੰਗੀ ਪੱਧਰ ਤੇ ਸ਼ੁਰੂ ਕਰਨ ਦਾ ਭਰੋਸਾ ਦਿੱਤਾ ਸੀ ਪਰ ਦੋ ਹਫਤੇ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਅਜੇ ਤੱਕ ਇਸ ਸਬੰਧ ਵਿਚ ਕੁਝ ਨਹੀਂ ਕੀਤਾ ਗਿਆ। ਪ੍ਰਸ਼ਾਸ਼ਨ ਵੱਲੋਂ ਇਲਾਕੇ ਦੀ ਇਸ ਗੰਭੀਰ ਸਮੱਸਿਆ ਵੱਲ ਧਾਰਨ ਕੀਤੇ ਗਏ ਇਸ ਬੇਰੁਖੀ ਵਾਲੇ ਰਵੱਈਏ ਦੇ ਖਿਲਾਫ ਇਲਾਕਾ ਵਾਸੀਆਂ ਵਿੱਚ ਪਾਏ ਜਾ ਰਹੇ ਭਾਰੀ ਰੋਸ ਦੇ ਮੱਦੇਨਜ਼ਰ ਅੱਜ 24 ਅਗਸਤ ਨੂੰ ਐਕਸੀਅਨ ਪੀ ਡਬਲਯੂ ਡੀ ਗੁਰਦਾਸਪੁਰ ਦੇ ਦਫ਼ਤਰ ਸਾਹਮਣੇ ਰੋਸ ਧਰਨਾ ਦਿੱਤੇ ਜਾਣ ਦਾ ਫੈਸਲਾ ਕੀਤਾ ਗਿਆ ਹੈ ।ਮੀਟਿੰਗ ਵਿਚ ਸਰਬ ਸੰਮਤੀ ਨਾਲ ਇਕ ਮਤਾ ਪਾਸ ਕਰਕੇ ਪੁਲ ਟੁੱਟਣ ਨਾਲ ਪ੍ਰਵਾਭਤ ਸਮੂਹ ਪਿੰਡਾਂ ਦੇ ਲੋਕਾਂ ਨੂੰ ਧਰਨੇ ਵਿੱਚ ਵਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਤਾਂ ਕਿ ਪ੍ਰਸ਼ਾਸ਼ਨ ਦੇ ਬੋਲੇ ਕੰਨਾਂ ਤੱਕ ਲੋਕਾਂ ਦੀ ਆਵਾਜ ਪਹੁੰਚਾਈ ਜਾ ਸਕੇ ।ਧਰਨੇ ਲਈ ਇਕੱਤਰ ਹੋਣ ਦਾ ਸਮਾਂ 11 ਵਜੇ ਸਥਾਨ ਸੁੱਕਾ ਤਲਾਅ ਗੁਰਦਾਸਪੁਰ ਵਿਖੇ ਹੈ । ਮੀਟਿੰਗ ਵਿੱਚ ਨਿਸ਼ਾਨ ਸਿੰਘ, ਗੁਰਪ੍ਰੀਤ ਸਿੰਘ, ਬਲਦੇਵ ਸਿੰਘ ,ਜਤਿੰਦਰ ਸਿੰਘ ਗੰਜੀ, ਗੁਰਨਾਮ ਸਿੰਘ ਮਨਸੂਰਾ ,ਅਮਨਦੀਪ ਸਿੰਘ ਉਚਾ ਧਕਾਲਾ, ਬਾਬਾ ਗੁਰਦੀਪ ਸਿੰਘ ਕਠਿਆਲੀ ,ਅਜੇ ਕੁਮਾਰ ਸੰਘੌਰ ,ਦਰਸ਼ਨ ਸਿੰਘ ਅਤੇ ਬਲਬੀਰ ਸਿੰਘ ਰੰਧਾਵਾ ਸ਼ਾਮਿਲ ਸਨ।

# ਵਿਧਾਇਕ ਦਿਨੇਸ਼ ਚੱਢਾ ਨੇ ਸਿੰਘਪੁਰ ਹਸਪਤਾਲ ਵਿਖੇ ਲਗਾਏ ਹਰਬਲ ਮੈਡੀਸਨ ਪੌਦੇ

## ਵਾਤਾਵਰਣ ਤੇ ਪੌਣ ਪਾਣੀ ਦੀ ਸਾਂਭ ਸੰਭਾਲ ਲਈ ਪੌਦੇ/ਰੁੱਖ ਲਗਾਉਣੇ ਬੇਹੱਦ ਜਰੂਰੀ : ਚੱਡਾ





**• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਸਿੰਘਪੁਰ ਹਸਪਤਾਲ ਵਿਖੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਵੱਲੋਂ ਹਰਬਲ ਮੈਡੀਸਨ ਦੇ ਪੌਦੇ ਲਗਾਏ ਗਏ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਵਧੇਰੇ ਖੇਤੀ ਇਨ੍ਹਾਂ ਹਰਬਲ ਪਲਾਂਟ ਦੀ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਸਿੰਘਪੁਰ ਹਸਪਤਾਲ ਵਿੱਚ ਲੋਕਾਂ ਨੂੰ ਹਰ ਮੈਡੀਕਲ ਸਹੂਲਤ ਉਪਲੱਬਧ ਕਰਵਾਈ ਜਾਂਦੀ ਹੈ ਤੇ ਨੂਰਪੁਰ ਖੇਤਰ ਵਿਚ ਲਗਾਤਾਰ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਕਿਸੇ ਵੀ ਨਾਗਰਿਕ ਨੂੰ ਕੋਈ ਵੀ ਦਿੱਕਤ ਪੇਸ਼ ਨਾ ਆਵੇ। ਵਾਤਾਵਰਣ ਤੇ ਪੌਣ ਪਾਣੀ ਦੀ ਸਾਂਭ ਸੰਭਾਲ ਲਈ ਵਿਧਾਇਕ ਨੇ ਕਿਹਾ ਕਿ ਹਰ ਮਨੁੱਖ ਨੂੰ ਰੁੱਖ ਜਰੂਰ ਲਗਾਉਣ ਚਾਹੀਦੇ ਹਨ। ਰੁੱਖ ਹੀ ਸਾਡਾ ਭਵਿੱਖ ਹਨ, ਤੇ ਭਵਿੱਖ ਵਿੱਚ ਜੀਵਨ ਰੁੱਖਾਂ ਨਾਲ ਹੀ ਸੰਭਵ ਹੈ। ਉਨ੍ਹਾਂ ਨੇ ਕਿਹਾ ਕਿ ਪੇੜ ਪੌਦੇ ਲਗਾਉਣ ਸਮੇਂ ਉਨ੍ਹਾਂ ਦਾ ਭਵਿੱਖ ਤੇ ਪ੍ਰਭਾਵ ਜਰੂਰ ਧਿਆਨ ਵਿਚ ਰੱਖਣਾ ਚਾਹੀਦਾ ਹੈ, ਅਜਿਹੇ ਪੌਦੇ ਲਗਾਉਣੇ ਚਾਹੀਦੇ ਹਨ, ਜੋ ਸਵੱਛ ਤੇ ਤੰਦਰੁਸਤ ਭਵਿੱਖ ਲਈ ਜਰੂਰੀ ਹੋਣ ਡਾ.ਵਿਧਾਨ ਚੰਦਰ ਸੀਨੀਅਰ ਮੈਡੀਕਲ ਅਫਸਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਮਿਆਰੀ ਸਿਹਤ ਸਹੂਲਤ ਦੇਣ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ, ਸਿਹਤ ਵਿਭਾਗ ਵੱਲੋਂ ਸਰਕਾਰੀ ਸਿਹਤ ਕੇਂਦਰਾਂ ਵਿੱਚ ਲੋੜੀਦੀਆ ਸਹੂਲਤਾਂ ਉਪਲੱਬਧ ਹਨ, ਉਨ੍ਹਾਂ ਨੇ ਕਿਹਾ ਕਿ ਵਿਧਾਇਕ ਦਿਨੇਸ਼ ਚੱਢਾਂ ਵੱਲੋਂ ਨਿਰੰਤਰ ਇਲਾਕੇ ਦੇ ਲੋਕਾਂ ਨੂੰ ਮਿਲ ਰਹੀਆਂ ਮਿਆਰੀ ਸਿਹਤ ਸਹੂਲਤਾਂ ਦੀ ਮੋਨੀਟਰਿੰਗ ਕੀਤੀ ਜਾ ਰਹੀ ਅਤੇ ਸਿਹਤ ਵਿਭਾਗ ਹੁਣ ਹੋਰ ਬਿਹਤਰ ਢੰਗ ਨਾਲ ਆਮ ਲੋਕਾਂ ਤੱਕ ਲੋੜੀਦੀਆਂ ਸਿਹਤ ਸਹੂਲਤਾ ਉਪਲੱਬਧ ਕਰਵਾ ਰਿਹਾ ਹੈ। ਇਸ ਮੌਕੇ ਅਰੁਣ ਚੰਦਨ ਰਿਜਨਲ ਡਾਇਰੈਕਟਰ, ਨੈਸ਼ਨਲ ਮੈਡੀਕਲ ਪਲਾਂਟ ਬੋਰਡ ਮਨਿਸਟਰੀ ਆੱਫ ਆਯੂਸ਼ ਨਵੀ ਦਿੱਲੀ,ਨਰੇਸ਼ ਕਾਂਗੜ, ਸਰਪੰਚ ਗੋਰਵ, ਦੀਪਕ ਪੁਰੀ, ਸਤਨਾਮ ਸਿੰਘ ਆਦਿ ਹਾਜ਼ਰ ਸਨ।

### ਹਿੰਦੀ ਮਿੰਨੀ ਕਹਾਣੀ

# ਹਿੱਸੇਦਾਰ

ਮੈਮ, ਤੁਸੀਂ ਨਹੀਂ ਗਏ ਮੈਡੀਕਲ ਕਾਲਜ... ਗੀਤਾ ਮੈਮ ਨੂੰ ਵੇਖਣ, ਸਾਰੀਆਂ ਟੀਚਰਜ਼ ਗਈਆਂ ਹਨ ਅੱਜ। ਜੂਨੀਅਰ ਟੀਚਰ ਸ਼ੈਲੀ ਨੇ ਪ੍ਰਿੰਸੀਪਲ ਨੂੰ ਪੁੱਛਿਆ।

ਓ ਬਈ, ਇਸ ਵਿੱਚ ਵੇਖਣ ਵਾਲੀ ਕੀ ਗੱਲ ਹੈ?

ਕਿਉਂ ਮੈਮ, ਸਾਰੇ ਲੋਕ ਤਾਂ ਬੀਮਾਰ ਨੂੰ ਵੇਖਣ ਹਸਪਤਾਲ ਜਾਂਦੇ ਹਨ। ਬਸ ਇੱਕ ਤੁਸੀਂ ਹੀ ਹੋ, ਜੋ ਕਹਿ ਰਹੇ ਹੋ ਕਿ ਵੇਖਣ ਕੀ ਜਾਣਾ ਹੈ? ਮੈਨੂੰ ਤਾਂ ਤੁਹਾਡੀ ਗੱਲ ਦੀ ਸਮਝ ਨਹੀਂ ਆਈ।ਆਖਰ ਸੰਬੰਧ ਦਾ ਕੀ ਮਤਲਬ ਹੈ? ਅਤੇ ਫਿਰ ਉਹ ਤੁਹਾਡੇ ਸਕੂਲ ਦੀ ਇੰਨੀ ਪੁਰਾਣੀ ਤੇ ਤੁਹਾਡੀ ਚਹੇਤੀ ਟੀਚਰ ਵੀ ਹੈ! ਵੇਖ ਸ਼ੈਲੀ, ਇਸੇ ਲਈ ਤਾਂ ਨਹੀਂ ਜਾ ਰਹੀ ਕਿ ਉਹ ਮੇਰੀ ਅਜ਼ੀਜ਼, ਚਹੇਤੀ ਟੀਚਰ ਹੈ, ਉਹਨੂੰ ਵੇਖਣ ਕੀ ਜਾਣਾ ਹੈ... ਮੈਂ ਤਾਂ ਉਹਦੇ ਲਈ ਖਾਸ ਤੌਰ ਤੇ ਛੁੱਟੀ ਲਵਾਂਗੀ ਪੂਰੇ ਦਸ ਦਿਨਾਂ ਦੀ, ਬੈਂਕ 'ਚੋਂ ਕੁਝ ਪੈਸੇ ਕਢਵਾਵਾਂਗੀ, ਉਹਦੇ ਵਾਸਤੇ ਕੁਝ ਤਿਆਰ ਕਰਾਂਗੀ ਆਪਣੇ ਹੱਥੀਂ, ਫਿਰ ਜਾਵਾਂਗੀ ਉਸ ਕੋਲ। ਵੇਖਣ ਨਹੀਂ, ਉਹਦੀ ਸੇਵਾ ਕਰਨ। ਖੁਆ-ਪਿਆ ਕੇ ਸਿਹਤਮੰਦ ਕਰਨ ਅਤੇ ਤੈਨੂੰ ਤਾਂ ਪਤਾ ਹੀ ਹੈ ਕਿ ਉਸ ਵਿਚਾਰੀ ਦੇ ਕੋਈ ਕਮਾਉਣ ਵਾਲਾ ਨਹੀਂ ਹੈ। ਵਾਪਸ ਮੁੜਨ ਤੋਂ ਪਹਿਲਾਂ ਕੁਝ ਰੁਪਏ ਵੀ ਉਹਦੇ ਹੱਥ ਤੇ ਰੱਖ ਕੇ ਆਵਾਂਗੀ।... ਸਾਨੂੰ ਕਿਸੇ ਦੇ ਦੁਖ ਵਿੱਚ ਸਿਰਫ ਖ਼ਾਨਾਪੂਰਤੀ ਦੀ ਥਾਂ ਤੇ ਤਨ, ਮਨ ਅਤੇ ਧਨ ਨਾਲ ਦਰਦ ਦਾ 'ਹਿੱਸੇਦਾਰ' ਬਣਨਾ ਚਾਹੀਦਾ ਹੈ।





# ਲਾਲਪੁਰਾ ਵਲੋਂ ਭਾਰਤ ਦੇ ਕਾਨੂੰਨ ਮੰਤਰੀ ਨਾਲ ਮੁਲਾਕਾਤ



**• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਤੇ ਭਾਜਪਾ ਕੇਂਦਰੀ ਚੋਣ ਕਮੇਟੀ ਤੇ ਸੰਸਦੀ ਬੋਰਡ ਦੇ ਮੈਂਬਰ ਸ.ਇਕਬਾਲ ਸਿੰਘ ਲਾਲਪੁਰਾ ਅਤੇ ਭਾਰਤੀ ਜਨਤਾ ਪਾਰਟੀ ਰੂਪਨਗਰ ਦੇ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਕੇਂਦਰੀ ਕਾਨੂੰਨ ਅਤੇ ਨਿਆ ਮੰਤਰੀ ਸ਼੍ਰੀ ਅਰਜੁਨ ਰਾਮ ਮੇਘਵਾਲ ਜੀ ਨੂੰ ਦਿੱਲੀ ਵਿਖੇ ਮਿਲੇ । ਇਸ ਮੌਕੇ ਉਹਨਾਂ ਪੰਜਾਬ ਦੀ ਕਾਨੂੰਨ ਵਿਵਸਥਾ ਅਤੇ ਹੋਰ ਮੁੱਦਿਆ ਨੂੰ ਲੈ ਕੇ ਮੰਤਰੀ ਜੀ ਨਾਲ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਅਜੈਵੀਰ ਸਿੰਘ ਲਾਲਪੁਰਾ ਨੇ ਮੰਤਰੀ ਸਾਬ ਦੇ ਧਿਆਨ ਵਿੱਚ ਲਿਆਂਦਾ ਕਿ ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਬਹੁਤ ਹੀ ਡਾਵਾਡੋਲ ਹੈ ਜਿਸ ਲਈ ਉਹਨਾਂ ਮੰਤਰੀ ਸਾਬ ਨੂੰ ਮੰਗ ਕੀਤੀ ਕਿ ਉਹ ਨਿੱਜੀ ਦਖਲ ਦੇ ਕੇ ਪੰਜਾਬ ਦੀ ਡਾਵਾਡੋਲ ਹੋਈ ਕਾਨੂੰਨ ਵਿਵਸਥਾ ਨੂੰ ਦਰੁੱਸਤ ਕਰਨ ਲਈ ਪੰਜਾਬ ਸਰਕਾਰ ਨੂੰ ਤਾਕੀਦ ਕਰਨ। ਉਹਨਾਂ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਆਈ ਹੈ ਓਦੋਂ ਤੋਂ ਲੈ ਕੇ ਹੁਣ ਤੱਕ ਅਨੇਕਾਂ ਹੀ ਨੌਜਵਾਨਾਂ ਦੇ ਕਤਲ ਅਤੇ ਤੇ ਹੋਰ ਕਈ ਵਾਰਦਾਤਾਂ ਹੋ ਚੁੱਕੀਆਂ ਹਨ। ਜਿਸ ਨੂੰ ਲੈ ਕੇ ਲੋਕਾਂ ਦੇ ਦਿਲਾਂ ਵਿਚ ਡਰ ਭੈਅ ਦਾ ਮਾਹੌਲ ਹੈ। ਇਸ ਮੌਕੇ ਮੰਤਰੀ ਸ਼੍ਰੀ ਮੇਘਵਾਲ ਜੀ ਨੇ ਸ.ਲਾਲਪੁਰਾ ਜੀ ਦੀ ਗੱਲ ਨੂੰ ਬਹੁਤ ਹੀ ਗੌਰ ਨਾਲ ਸੁਣਿਆ ਅਤੇ ਭਰੋਸਾ ਦਿੱਤਾ ਕਿ ਪੰਜਾਬ ਦੀ ਕਾਨੂੰਨ ਵਿਵਸਥਾ ਨੂੰ ਦਰੁਸਤ ਕਰਨ ਲਈ ਜਲਦ ਪੰਜਾਬ ਸਰਕਾਰ ਨਾਲ ਰਾਬਤਾ ਕਾਇਮ ਕਰਨਗੇ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਸੂਬੇ ਦੀ ਅਮਨ ਸ਼ਾਂਤੀ ਲਈ ਪੂਰੀ ਤਰ੍ਹਾਂ ਤੱਤਪਰ ਹੈ ਤੇ ਕੇਂਦਰ ਸਰਕਾਰ ਵਲੋ ਹਰ ਤਰ੍ਹਾਂ ਦਾ ਸਹਿਯੋਗ ਸੂਬਾ ਸਰਕਾਰ ਨਾਲ ਕੀਤਾ ਜਾ ਰਿਹਾ ਹੈ । ਇਸ ਮੌਕੇ ਅਜੈਵੀਰ ਸਿੰਘ ਲਾਲਪੁਰਾ ਨੇ ਮੰਤਰੀ ਸ਼੍ਰੀ ਮੇਘਵਾਲ ਜੀ ਦੇ ਸਾਦਗੀ ਤੇ ਨਿਮਰ ਸੁਭਾਅ ਦੀ ਤਾਰੀਫ਼ ਕਰਦਿਆ ਉਹਨਾਂ ਦਾ ਧੰਨਵਾਦ ਕੀਤਾ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੌਰਾ ਵਿਖੇ ਕਰਵਾਇਆ ਗਿਆ ਵਿਸ਼ੇਸ਼ ਪ੍ਰੋਗਰਾਮ



**• ਸ਼ਹੀਦ ਭਗਤ ਸਿੰਘ ਨਗਰ**

ਭਾਰਤ ਸਰਕਾਰ ਦੇ ਸਮਾਜਿਕ ਨਿਆ ਤੇ ਅਧਿਕਾਰਤਾ ਮੰਤਰਾਲੇ ਵਲੋਂ ਨਸ਼ਾ ਮੁਕਤ ਭਾਰਤ ਮੁਹਿੰਮ ਦੇ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੌਰਾ ਵਿਖੇ ਇੰਟੈਂਸਿਵ ਅਵੇਅਰਨੈਸ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਵਲੋਂ ਨਸ਼ਿਆਂ ਦੀ ਰੋਕਥਾਮ ਲਈ ਏਜੰਟ ਅਗੇਂਸਟ ਡਰੱਗਜ਼ ਨਾਮ ਦੀ ਇਕ ਮੈਗਜੀਨ ਨੂੰ ਵੀ ਰਲੀਜ਼ ਕੀਤਾ ਗਿਆ। ਇਸ ਦੌਰਾਨ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਸਮੇਂ ਸਮੇਂ 'ਤੇ ਜਿਥੇ ਸਰਕਾਰ ਵਲੋਂ ਅਵੇਅਰਨੈਸ ਪ੍ਰੋਗਰਾਮ ਕਰਵਾਏ ਜਾਂਦੇ ਹਨ, ਉਥੇ ਨਸ਼ੇ ਛੱਡਣ ਸਬੰਧੀ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਅਧਿਆਪਕਾਂ ਦੇ ਵੀ ਟ?ਰੇਨਿੰਗ ਪ੍ਰੋਗਰਾਮ ਕਰਵਾਏ ਜਾਂਦੇ ਹਨ, ਤਾਂ ਜੋ ਨਸ਼ੇ ਦੀ ਗ੍ਰਿਫਤ ਵਿੱਚ ਫਸੇ ਨੌਜਵਾਨਾਂ ਨੂੰ ਸਹੀ ਢੰਗ ਨਾਲ ਜਾਗਰੂਕ ਕਰਕੇ ਇਸ ਦਲਦਲ ਵਿਚੋਂ ਕੱਢਿਆ ਜਾ ਸਕੇ। ਉਨ੍ਹਾਂ ਕਿਹਾ ਕਿ ਅੱਜ ਜਿਹੜੀ ਮੈਗਜੀਨ ਰਲੀਜ ਕੀਤੀ ਗਈ ਹੈ ਉਸਦੀ ਵਰਤੋਂ ਅੱਠਵੀਂ ਅਤੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਲਈ ਸਿਖਲਾਈ ਮਡਿਊਲ ਵਜੋਂ ਕੀਤੀ ਜਾਵੇਗੀ, ਜੋ ਕਿ 1 ਸਤੰਬਰ ਤੋਂ ਸ਼ੁਰੂ ਹੋਵੇਗਾ। ਇਸ ਦੌਰਾਨ ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਅਤੇ ਡਾ. ਹਰਪ੍ਰੀਤ ਸਿੰਘ ਨੇ ਅਧਿਆਪਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਨੌਜਵਾਨਾਂ ਨੂੰ ਜਾਗਰੂਕ ਕਰਨ ਦੇ ਲਈ ਆਪਦੇ ਅਨੁਭਵ ਸਾਂਝੇ ਕੀਤੇ। ਏ.ਐਸ.ਆਈ ਗੁਰਦੀਪ ਸਿੰਘ ਇੰਚਾਰਜ ਸਬ ਡਵੀਜਨ ਨਵਾਂਸ਼ਹਿਰ ਸਾਂਝ ਦਫ਼ਤਰ ਅਤੇ ਪ੍ਰਮਿੰਦਰ ਸਿੰਘ ਨੇ ਹਿੰਸਾ ਵਿੱਚ ਸ਼ਾਮਲ ਹੋਣ ਵਾਲੇ ਬੱਚਿਆਂ ਨਾਲ ਕਿਵੇਂ ਨਜਿੱਠਣਾ ਹੈ ਸਬੰਧੀ ਜਾਣਕਾਰੀ ਦਿੱਤੀ। ਪੰਜਾਬ ਗੁਡ ਗਵਰਨਸ ਫੈਲੋ ਸੰਜਨਾ ਸਕਸੈਨਾ ਨੇ ਦੱਸਿਆ ਕਿ ਇਹ ਪ੍ਰੋਗਰਾਮ ਨਸ਼ਾ ਮੁਕਤ ਭਾਰਤ ਮੁਹਿੰਮ ਤਹਿਤ ਸ਼ੁਰੂ ਕੀਤਾ ਗਿਆ ਹੈ ਅਤੇ ਇਸ ਨੂੰ ਭਾਰਤ ਸਰਕਾਰ ਦੇ ਸਮਾਜਿਕ ਨਿਆ ਅਤੇ ਅਧਿਕਾਰਤਾ ਮੰਤਰਾਲੇ ਦੀ ਟੀਮ ਵਲੋਂ ਤਿਆਰ ਕੀਤਾ ਗਿਆ ਹੈ ਜਿਸ ਦੀ ਵੀਡੀਓ ਗ੍ਰਾਫੀ ਕਰਕੇ ਨੌਜਵਾਨਾਂ ਨੂੰ ਜਾਗਰੂਕ ਵੀ ਕੀਤਾ ਜਾਵੇਗਾ। ਇਸ ਮੌਕੇ 'ਤੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ, ਸਿੱਖਿਆ ਸਿੱਖਿਆ ਅਫ਼ਸਰ (ਸ) ਜਰਨੈਲ ਸਿੰਘ ਤੋਂ ਇਲਾਵਾ ਸਕੂਲ ਦੇ ਅਧਿਆਪਕ ਤੇ ਵਿਦਿਆਰਥੀ ਵੀ ਮੌਜੂਦ ਸਨ।

# ਡੀਐਸਪੀ ਬਲਾਚੌਰ ਸ਼ਾਮ ਸੁੰਦਰ ਸ਼ਰਮਾ ਨੇ ਪ੍ਰੈੱਸ ਨਾਲ ਕੀਤੀ ਵਿਸ਼ੇਸ਼ ਮੀਟਿੰਗ

## ਇਲਾਕੇ ਅੰਦਰ ਕਾਨੂੰਨ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ

**• ਨਵਾਂਸ਼ਹਿਰ /ਬਲਾਚੌਰ/ ਜਤਿੰਦਰ ਪਾਲ ਸਿੰਘ ਕਲੇਰ**





ਸਬ ਡਿਵੀਜ਼ਨ ਬਲਾਚੌਰ ਡੀ ਐਸ ਪੀ ਸ਼ਾਮ ਸੁੰਦਰ ਸ਼ਰਮਾ ਨੇ ਚਾਰਜ ਸੰਭਾਲਣ ਉਪਰੰਤ ਅੱਜ ਪੱਤਰਕਾਰਾਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ ।ਇਸ ਮੌਕੇ ਉਨ੍ਹਾਂ ਆਖਿਆ ਕਿ ਪੁਲਿਸ ਅਤੇ ਪੱਤਰਕਾਰ ਭਾਈਚਾਰੇ ਦੇ ਆਪਸੀ ਤਾਲਮੇਲ ਨਾਲ ਇਲਾਕੇ ਦੀਆਂ ਸਮੱਸਿਆਵਾਂ ਨੂੰ ਜਿੱਥੇ ਚੰਗੇ ਤਰੀਕੇ ਨਾਲ ਹੱਲ ਕੀਤਾ ਜਾ ਸਕਦਾ ਹੈ ਉਸ ਦੇ ਨਾਲ ਨਾਲ ਨਸ਼ਾ ਮਾਫੀਆ ਸਮੇਤ ਹੋਰ ਕਰਾਈਮ ਉੱਪਰ ਵੀ ਨੱਥ ਪਾਈ ਜਾ ਸਕਦੀ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਆਮਦ ਉਪਰੰਤ ਗ਼ੈਰਕਾਨੂੰਨੀ ਧੰਦਾ ਕਰਨ ਵਾਲੇ ਕਿਸੇ ਵੀ ਸ਼ਖ਼ਸ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਭਾਵੇਂ ਉਹ ਕਿੰਨੀ ਵੀ ਪਹੁੰਚ ਵਾਲਾ ਕਿਉਂ ਨਾ ਹੋਵੇ।ਟਰੈਫਿਕ ਸਮੱਸਿਆ ਦੇ ਹੱਲ ਸਬੰਧੀ ਉਨ੍ਹਾਂ ਗੱਲ ਕਰਦਿਆਂ ਆਖਿਆ ਕਿ ਇਸ ਨੂੰ ਪਹਿਲ ਦੇ ਆਧਾਰ ਉੱਪਰ ਹੱਲ ਕੀਤਾ ਜਾਵੇਗਾ ਅਤੇ ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਸ਼ਹਿਰ ਅੰਦਰ ਸੜਕਾਂ ਦੇ ਇੱਧਰ ਉੱਧਰ ਗੱਡੀਆਂ ਖੜ੍ਹੀਆਂ ਕਰਕੇ ਖਰੀਦੋ ਫਰੋਕਤ ਕਰਨ ਦੀ ਵਜਾਏ ਆਪਣੇ ਵਾਹਨਾਂ ਨੂੰ ਨਿਰਧਾਰਤ ਸਥਾਨਾਂ ਉੱਪਰ ਹੀ ਖਡ??ਹੇ ਕਰਕੇ ਖਰੀਦੋ ਫਰੋਖਤ ਕੀਤੀ ਜਾਵੇ ਤਾਂ ਜੋ ਸੜਕੀ ਆਵਾਜਾਈ ਬਿਨਾਂ ਰੁਕਾਵਟ ਚੱਲ ਸਕੇ। ਉਨ੍ਹਾਂ ਆਖਿਆ ਕਿ ਗੈਰਕਾਨੂੰਨੀ ਗਤੀਵਿਧੀਆਂ ਵਿਚ ਸ਼ਾਮਲ ਅਨਸਰਾਂ ਦੀ ਉਨ੍ਹਾਂ ਨੂੰ ਬਿਨਾਂ ਝਿਜਕ ਸੱਚੀ ਇਤਲਾਹ ਦਿੱਤੀ ਜਾਵੇ ਅਤੇ ਉਨ੍ਹਾਂ ਯਕੀਨ ਦਿਵਾਇਆ ਕਿ ਉਹ ਇਸ ਸਬੰਧੀ ਸੂਚਨਾ ਦੇਣ ਵਾਲਿਆਂ ਦੇ ਨਾਮ ਪਤਾ ਗੁਪਤ ਰੱਖਦਿਆਂ ਤੁਰੰਤ ਕਾਰਵਾਈ ਕਰਨਗੇ ।ਉਨ੍ਹਾਂ ਆਖਿਆ ਕਿ ਕਿਸੇ ਨੂੰ ਵੀ ਇਲਾਕੇ ਅੰਦਰ ਕਾਨੂੰਨ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ।ਇਸ ਮੀਟਿੰਗ ਵਿਚ ਵੱਖ ਵੱਖ ਅਖ਼ਬਾਰਾਂ ,ਚੈਨਲਾਂ ਅਤੇ ਸੋਸ਼ਲ ਮੀਡੀਆ ਨਾਲ ਸਬੰਧਤ ਪੱਤਰਕਾਰ ਭਾਈਚਾਰੇ ਵੱਲੋਂ ਸ਼ਾਮਲ ਹੋ ਕੇ ਆਪਣੀ ਹਾਜ਼ਰੀ ਲਗਾਈ । ਇਸ ਮੌਕੇ ਥਾਣਾ ਪੋਜੇਵਾਲ ਦੇ ਪ੍ਰੋਵਿਜ਼ਨਲ ਡੀ ਐਸ ਪੀ ਜਤਿੰਦਰ ਸਿੰਘ ਚੌਹਾਨ, ਸਿਟੀ ਥਾਣਾ ਬਲਾਚੌਰ ਐਸ ਐਚ ਓ ਸੁਰਿੰਦਰ ਕੁਮਾਰ, ਸਦਰ ਥਾਣਾ ਬਲਾਚੌਰ ਐਸ ਐਚ ਓ ਜਰਨੈਲ ਸਿੰਘ ਅਤੇ ਵੱਖ-ਵੱਖ ਅਦਾਰਿਆਂ ਦੇ ਪੱਤਰਕਾਰ ਮੌਜੂਦ ਰਹੇ।

# ਲੜਕੀਆਂ ਲਈ ਰੁਜ਼ਗਾਰ ਅਤੇ ਜੀਵਨ ਕੌਸ਼ਲ ਵਿਸ਼ੇ 'ਤੇ ਸਪਤਾਹਿਕ ਵਰਕਸ਼ਾਪ ਦਾ ਆਗਾਜ਼



**• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

## ■ ਵਿਦਿਆਰਥੀਆਂ ਨੂੰ ਇਹੋ-ਜਿਹੇ ਸੁਨਹਿਰੀ ਮੌਕਿਆਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ : ਪ੍ਰਿੰ: ਜਸਵੀਰ ਸਿੰਘ

ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ ਟਰੇਨਿੰਗ ਅਤੇ ਪਲੇਸਮੈਂਟ ਸੈੱਲ ਵੱਲੋਂ ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਬਹਾਦਰਗੜ੍ਹ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਹਿਯੋਗ ਨਾਲ ਮਹਿੰਦਰਾ ਅਤੇ ਮਹਿੰਦਰਾ ਕੰਪਨੀ ਵੱਲੋਂ ਲੜਕੀਆਂ ਲਈ 'ਰੁਜ਼ਗਾਰ ਅਤੇ ਜੀਵਨ ਕੌਸ਼ਲ ' ਵਿਸ਼ੇ 'ਤੇ ਸਪਤਾਹਿਕ ਸਿਖਲਾਈ ਪ੍ਰੋਗਰਾਮ ਦਾ ਆਗਾਜ਼ ਹੋਇਆ ।ਜਿਸ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਬੜੇ ਉਤਸ਼ਾਹ ਨਾਲ ਭਾਗ ਲਿਆ ਗਿਆ ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਇਹੋ-ਜਿਹੇ ਸੁਨਹਿਰੀ ਮੌਕਿਆਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ ਕਿਉਂਕਿ ਅਜਿਹੇ ਪ੍ਰੋਗਰਾਮਾਂ ਨਾਲ ਵਿਦਿਆਰਥੀਆਂ ਦਾ ਬੌਧਿਕ ਵਿਕਾਸ ਹੀ ਨਹੀਂ ਹੁੰਦਾ ਸਗੋਂ ਉਹਨਾਂ ਦੀ ਸ਼ਖ਼ਸੀਅਤ ਦਾ ਸਰਵਪੱਖੀ ਵਿਕਾਸ ਹੁੰਦਾ ਹੈ ਜੋ ਉਹਨਾਂ ਨੂੰ ਇੱਕ ਚੰਗੇ ਅਤੇ ਸਫ਼ਲ ਮਨੁੱਖ ਬਣਨ ਵਿੱਚ ਵੀ ਮਦਦ ਕਰਦੇ ਹਨ। ਪ੍ਰੋਗਰਾਮ ਕੋਆਰਡੀਨੇਟਰ ਡਾ.ਮਨਜੀਤ ਸਿੰਘ ਨੇ ਇਸ ਪ੍ਰੋਗਰਾਮ ਵਿੱਚ ਸਹਿਯੋਗ ਦੇਣ ਲਈ ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਬਹਾਦਰਗੜ੍ਹ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਧੰਨਵਾਦ ਕੀਤਾ ਅਤੇ ਵਿਦਿਆਰਥਣਾਂ ਨੂੰ ਲਗਨ ਤੇ ਮਿਹਨਤ ਨਾਲ ਇਸ ਵਰਕਸ਼ਾਪ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ।ਇਸ ਪ੍ਰੋਗਰਾਮ ਵਿੱਚ ਦੀਪਿਕਾ, ਟ?ਰੇਨਰ ਨਾਂਦੀ ਫਾਊਂਡੇਸ਼ਨ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ ਜੋ ਪਿਛਲੇ ਪੰਜ ਸਾਲਾਂ ਤੋਂ ਵਿਦਿਆਰਥੀਆਂ ਨੂੰ ਰੁਜ਼ਗਾਰ ਅਤੇ ਜੀਵਨ ਕੌਸ਼ਲ ਦੀ ਸਿਖਲਾਈ ਦੇ ਰਹੇ ਹਨ ।ਇਸ ਮੌਕੇ ਡਾ.ਮਨਦੀਪ ਕੌਰ ਕਮਿਸਟਰੀ ਵਿਭਾਗ,ਪ੍ਰੋ. ਭਾਵਨਾ ਠਾਕੁਰ,ਡਾ.ਗੁਰਪ੍ਰੀਤ ਕੌਰ ਪੰਜਾਬੀ ਵਿਭਾਗ,ਡਾ. ਪਰਮਪ੍ਰੀਤ ਸਿੰਘ ਅਤੇ ਪ੍ਰੋ.ਅਮਨਦੀਪ ਕੌਰ ਕੰਪਿਊਟਰ ਸਾਇੰਸ ਵਿਭਾਗ ਹਾਜ਼ਰ ਸਨ।

# ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪਿੰਡ ਮਹਿੰਦੀਪੁਰ 'ਚ ਲੋੜਵੰਦਾਂ ਨੂੰ ਖਾਣ-ਪੀਣ ਅਤੇ ਹੋਰ ਸਮਾਨ ਵੰਡਿਆ



**• ਸਹੀਦ ਭਗਤ ਸਿੰਘ ਨਗਰ**

ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕੰਵਲਜੀਤ ਸਿੰਘ ਬਾਜਵਾ ਦੇ ਦਿਸ਼ਾ-ਨਿਰਦੇਸ਼ਾ 'ਤੇ ਜਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਨਿਆਂਇਕ ਅਧਿਕਾਰੀਆ ਦੇ ਸਹਿਯੋਗ ਨਾਲ ਪਿੰਡ ਮਹਿੰਦੀਪੁਰ ਵਿਖੇ ਲੋੜਵੰਦ ਪਰਿਵਾਰਾ ਨੂੰ ਖਾਣ-ਪੀਣ ਦੀ ਸਮੱਗਰੀ ਵੰਡੀ ਗਈ। ਇਸ ਦੌਰਾਨ ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਮਲਦੀਪ ਸਿੰਘ ਧਾਲੀਵਾਲ ਵੀ ਮੌਜੂਦ ਸਨ। ਜਿਲ੍ਹਾਂ ਅਤੇ ਸੈਸਨ ਜੱਜ-ਕਮ-ਚੇਅਰਮੈਨ ਸ.ਕੰਵਲਜੀਤ ਸਿੰਘ ਬਾਜਵਾ ਵੱਲੋ ਪਿੰਡ ਮਹਿੰਦੀਪੁਰ ਦੇ ਲੋੜਵੰਦ ਪਰਿਵਾਰਾ ਨੂੰ ਖਾਣ-ਪੀਣ ਦੀ ਸਮੱਗਰੀ ਵੰਡੀ ਗਈ ।ਸੀ.ਜੀ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਮਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਕਰੀਬ ਡੇਢ ਮਹੀਨੇ ਪਹਿਲਾਂ ਪਿੰਡ ਮਹਿੰਦੀਪੁਰ ਵਿਖੇ ਬਰਸਾਤ ਦੇ ਦੌਰਾਨ ਕਈ ਪਰਿਵਾਰਾਂ ਦਾ ਘਰ ਦਾ ਅਤੇ ਖਾਣ-ਪੀਣ ਦਾ ਸਮਾਨ ਖਰਾਬ ਹੋ ਗਿਆ ਸੀ। ਇਸ ਦੇ ਮੱਦੇਨਜ਼ਰ ਅਥਾਰਟੀ ਵਲੋਂ ਖਾਣ-ਪੀਣ ਅਤੇ ਘਰ ਦੇ ਹੋਰ ਜ਼ਰੂਰੀ ਸਮਾਨ ਦੀ ਲੋੜਵੰਡ ਪਰਿਵਾਰਾਂ ਨੂੰ ਵੰਡ ਕੀਤੀ ਗਈ ਹੈ। ਪਰਿਵਾਰਾਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਦਿੱਤੀ ਜਾਂਦੀ ਕਾਨੂੰਨੀ ਸਹਾਇਤਾ ਸਬੰਧੀ ਵੀ ਜਾਣਕਾਰੀ ਦਿੱਤੀ ਗਈ ਹੈ, ਤਾਂ ਜੇਕਰ ਕਿਸੇ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਦੀ ਲੋੜ ਹੈ, ਤਾਂ ਉਹ ਅਥਾਰਟੀ ਦੀ ਸਹਾਇਤਾ ਲੈ ਸਕਦਾ ਹੈ। ਇਸ ਮੌਕੇ ਦਫ਼ਤਰ ਜਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਮੂਹ ਸਟਾਫ ਮੈਂਬਰ, ਪੈਰਾ ਲੀਗਲ ਵਲੰਟੀਅਰਜ਼ ਵਾਸਦੇਵ ਪ੍ਰਦੇਸੀ ਅਤੇ ਪੈਰਾ ਲੀਗਲ ਵਲੰਟੀਅਰਜ਼ ਦੇਸ ਰਾਜ ਬਾਲੀ ਵੀ ਮੌਜੂਦ ਸਨ ।

# ਪਿੰਡ ਮੋਹਰ ਸਿੰਘ ਵਾਲਾ ਵਿਖੇ ਤੀਆ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਭੀਖੀ :** ਨੇੜਲੇ ਪਿੰਡ ਮੋਹਰ ਸਿੰਘ ਵਾਲਾ ਵਿਖੇ ਗ੍ਰਾਮ ਪੰਚਾਇਤ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਦੇ ਪਾਰਕ ਵਿੱਚ ਧੀਆਂ, ਨੂੰਹਾਂ ਦਾ ਤਿਉਹਾਰ ਤੀਆਂ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਪਿੰਡ ਦੀ ਸਰਪੰਚ ਗੁਰਮੇਲ ਕੌਰ ਨੇ ਤੀਆਂ ਦੀ ਸ਼ੁਰੂਆਤ ਕਰਵਾਉਦੇਂ ਹੋਏ ਕਿਹਾ ਕਿ ਅਜੋਕੀ ਨੌਜ਼ਵਾਨ ਪੀੜੀ ਨੂੰ ਵਿਰਸ਼ੇ ਨਾਲ ਜੋੜੀ ਰੱਖਣ ਲਈ ਰਵਾਇਤੀ ਤਿਉਹਾਰਾਂ ਅਤੇ ਮਰਿਆਦਾਵਾਂ ਤੋਂ ਜਾਣੂ ਹੋਣਾ ਜਰੂਰੀ ਹੈ। ਉਨ੍ਹਾ ਕਿਹਾ ਕਿ ਪੰਚਾਇਤ ਵੱਲੋਂ ਹੱਭਲਾ ਮਾਰੀਆਂ ਗਿਆ ਹੈ ਕਿ ਜਿੱਥੇ ਇਸ ਤਿਉਹਾਰ ਨਾਲ ਭਾਈਚਾਰਕ ਸਾਂਝ ਵਧੇਗੀ ਉੱਥੇ ਤਿਉਹਾਰਾਂ ਤੇ ਮੁੜ ਜੁੜਨ ਦੀ ਪ੍ਰੇਰਨਾਂ ਵੀ ਮਿਲੇਗੀ। ਉਨ੍ਹਾ ਵੱਲੋਂ ਪਿੰਡ ਦੀਆਂ ਵਿਹੁਲਤਾ ਕੁੜੀਆਂ ਨੂੰ ਕਿਹਾ ਕਿ ਉਹ ਸਾਉਣ ਮਹੀਨੇ ਪੇਕੇ ਗੇੜਾ ਜਰੂਰ ਲਾਉਣ। ਇਸ ਮੌਕੇ ਪੰਚ ਸੁਖਵਿੰਦਰ ਸਿੰਘ, ਪੰਚ ਹਾਕਮ ਸਿੰਘ, ਪੰਚ ਕੁਲਦੀਪ ਕੌਰ, ਪੰਚ ਹਰਬੰਸ ਸਿੰਘ, ਸਮਾਜਸੇਵੀ ਗੁਰਇਕਬਾਲ ਸਿੰਘ ਬਾਲੀ, ਕਲੱਬ ਪ੍ਰਧਾਨ ਬਹਾਦਰ ਖਾਂ, ਭੋਲਾ ਸਿੰਘ, ਧਰਮਿੰਦਰ ਸਿੰਘ, ਜਗਦੀਪ ਸਿੰਘ ਸੋਹੀ ਅਤੇ ਪਿੰਡ ਵਾਸੀ ਮੌਜੂਦ ਸਨ।

ਗੁਰਦੁਆਰਾ ਸਿੱਖ ਮਿਸ਼ਨਰੀ ਕਾਲਜ ਸੈਕਟਰ -39, ਚੰਡੀਗੜ੍ਹ ਰੋਡ , ਲੁਧਿਆਣਾ ਵਿਖੇ ਭਾਈ ਜਸਪ੍ਰੀਤ ਸਿੰਘ ਜੀ ਗੁਰਬਾਣੀ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਦੇ ਹੋਏ **(ਫੋਟੋ ਤੇ ਵੇਰਵਾ : ਲੁਧਿਆਣਾ)**



ਅਦਾਰਾ ਲੋਕ ਬਾਣੀ ਵਿੱਚ ਛਾਪੀਆਂ ਜਾਂਦੀਆਂ ਖਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇਨ੍ਹਾਂ ਤੱਥਾਂ ਦੀ ਪੜ੍ਹਤਾਲ, ਪੁਸ਼ਟੀ ਕਰ ਲੈਣ। ਰੋਜਾਨਾ ਲੋਕ ਬਾਣੀ 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ਼ ਜਲੰਧਰ ਕੋਰਟ ਵਿਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜਰੂਰੀ ਨਹੀਂ ਹੈ ਖਬਰਾਂ ਪ੍ਰਤੀ ਜੁਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ।



# ਆਰ.ਟੀ.ਏ. ਲੁਧਿਆਣਾ ਵੱਲੋਂ ਰੋਜ਼ਾਨਾ ਸਖਤੀ ਨਾਲ ਕੀਤੀ ਜਾ ਰਹੀ ਚੈਕਿੰਗ

## ਵੱਖ-ਵੱਖ 06 ਗੱਡੀਆਂ ਨੂੰ ਕੀਤਾ ਬੰਦ, 04 ਹੋਰ ਵਾਹਨਾਂ ਦੇ ਵੀ ਕੀਤੇ ਚਾਲਾਨ

• ਲੁਧਿਆਣਾ/ਸੁਖਚੈਨ ਮਹਿਰਾ

ਸਕੱਤਰ ਆਰ.ਟੀ.ਏ, ਲੁਧਿਆਣਾ ਡਾ. ਪੂਨਮਪ੍ਰੀਤ ਕੌਰ ਵਲੋਂ ਲੁਧਿਆਣਾ ਦੀਆਂ ਵੱਖ-ਵੱਖ ਸੜਕਾਂ 'ਤੇ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ 04 ਕੈਂਟਰ ਜੋ ਕਿ ਓਵਰਲੋਡ ਅਤੇ ਦਸਤਾਵੇਜ਼ ਨਾ ਹੋਣ ਕਰਕੇ ਧਾਰਾ 207 ਅੰਦਰ ਬੰਦ ਕੀਤੇ ਅਤੇ ਹੋਰ 02 ਕੈਂਟਰਾਂ ਦੇ ਕਾਗਜ ਨਾ ਪੂਰੇ ਹੋਣ ਕਰਕੇ ਚਲਾਨ ਕੀਤੇ ਗਏ। 01 ਪਿਕ ਅਪ ਦਾ ਚਲਾਨ ਓਵਰਹਾਈਟ ਕਰਕੇ ਕੀਤੇ ਗਿਆ। 02 ਟਰੱਕ ਓਵਰਲੋਡ ਹੋਣ ਕਰਕੇ ਧਾਰਾ 207 ਅੰਦਰ ਬੰਦ ਕੀਤੇ ਗਏ। 01 ਟਰੱਕ ਟਰਾਲੇ ਦਾ ਬਿਨਾਂ ਐਚ.ਐਸ.ਆਰ.ਪੀ ਅਤੇ ਓਵਰਲੋਡ ਹੋਣ ਕਰਕੇ ਚਲਾਨ ਕੀਤਾ ਗਿਆ। ਇਹ ਚੈਕਿੰਗ ਕੋਹਾੜੇ ਤੋਂ ਪਿੱਛੇ ਜੰਡੀਆਲੀ ਚੌਂਕ ਦੇ ਨੇੜੇ ਕੀਤੀ ਗਈ ਜਿੱਥੇ ਆਸ ਪਾਸ ਦੇ ਲੋਕਾਂ ਨਾਲ ਗੱਲ ਕਰਕੇ ਪਤਾ ਲੱਗਿਆ ਕਿ ਇੱਥੇ ਦੁਰਘਟਨਾਵਾਂ ਹੁੰਦੀਆਂ ਹਨ ਅਤੇ ਪਿੱਛਲੇ ਹਫ਼ਤੇ ਵੀ ਇੱਕ ਦੁਰਘਟਨਾ ਵਿੱਚ ਮੋਟਰਸਾਈਕਲ ਦੀ ਟਰੱਕ ਨਾਲ ਟੱਕਰ ਹੋਣ ਤੋਂ ਬਾਅਦ ਮੌਕੇ ਤੇ ਹੀ ਦੋਨੋਂ ਮੋਟਰਸਵਾਰਾਂ ਦੀ ਮੌਤ ਹੋ ਗਈ ਸੀ। ਉਪਰੰਤ ਡੀ.ਸੀ.ਪੀ. ਟ?ਰੈਫਿਕ ਨਾਲ ਸੰਪਰਕ ਕਰਕੇ ਚੌਂਕ ਦੇ ਨੇੜੇ ਟ?ਰੈਫਿਕ ਪੁਲਿਸ ਦਾ ਪ੍ਰਬੰਧ ਅਤੇ ਟ?ਰੈਫਿਕ ਲਾਈਟਾਂ ਲਗਾਉਣ ਸਬੰਧੀ ਵਿਚਾਰ ਵਟਾਂਦਰੇ ਕੀਤੇ ਗਏ। ਆਮ ਲੋਕਾਂ ਨੂੰ ਵੀ ਅਪੀਲ ਕੀਤੀ ਗਈ ਅਜਿਹੀਆਂ ਹੋਰ ਥਾਵਾਂ 'ਤੇ ਓਵਰਸਪੀਡ ਅਤੇ ਗਲਤ ਪਾਸਿਓਂ ਗੱਡੀ ਘੁਮਾਉਣ ਤੋਂ ਪਰਹੇਜ਼ ਕੀਤਾ ਜਾਵੇ। ਚੈਕਿੰਗ ਦੌਰਾਨ ਸਕੱਤਰ ਆਰ.ਟੀ.ਏ. ਵੱਲੋਂ ਇਹ ਵੀ ਚੇਤਾਵਨੀ ਦਿੱਤੀ ਗਈ ਕਿ ਸੜਕ ਚਾਲਕਾਂ ਵੱਲੋਂ ਕਿਸੇ ਵੀ ਤਰਾਂ?ਹ ਦੇ ਨਿਯਮਾਂ ਦੀ ਉਲੰਘਣਾ ਨਾ ਕੀਤੀ ਜਾਵੇ, ਕਿਸੇ ਵੀ ਤਰਾਂ?ਹ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਟਰਾਂਸਪੋਰਟ ਯੂਨੀਅਨ ਨੂੰ ਵੀ ਕਿਹਾ ਗਿਆ ਕਿ ਉਹ ਆਪਣੀ ਗੱਡੀਆਂ ਦੇ ਕਾਗਜ ਅਤੇ ਬਣਦੇ ਟੈਕਸ ਪੂਰੇ ਰੱਖਣ ਅਤੇ ਅਸਲ ਦਸਤਾਵੇਜ਼ ਸਮੇਂ ਸਿਰ ਅਪਡੇਟ ਕਰਵਾਉਣ। ਬਿਨਾਂ ਦਸਤਾਵੇਜ਼ਾਂ ਤੋਂ ਕੋਈ ਵੀ ਗੱਡੀ ਸੜਕਾਂ ਤੇ ਚਲਦੀ ਪਾਈ ਗਈ ਤਾਂ ਉਸਦਾ ਚਲਾਨ ਕੀਤਾ ਜਾਵੇਗਾ ਅਤੇ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਤਾਂ ਜ਼ੋ ਆਏ ਦਿਨ ਹੋ ਰਹੇ ਹਾਦਸਿਆਂ ਕਾਰਨ ਕੀਮਤੀ ਮਨੁੱਖੀ ਜਾਨਾਂ ਨੂੰ ਬਚਾਇਆ ਜਾ ਸਕੇ।

# ਸਿਮਰਨ ਚੌਧਰੀ ਦਾ ਨਵਾਂ ਟਰੈਕ ਆ ਗਿਆ ਨੀ ਲਾਂਚ ਕੀਤਾ ਗਿਆ, ਸਮਕਾਲੀ ਸੰਗੀਤ ਅਤੇ ਲੋਕਧਾਰਾ ਦਾ ਸੁਰੀਲਾ ਸੁਮੇਲ



• ਚੰਡੀਗੜ੍ਹ

ਮਸ਼ਹੂਰ ਗਾਇਕ ਗੀਤਕਾਰ ਅਤੇ ਵਾਇਸ ਆਫ ਪੰਜਾਬ ਦੀ ਜੇਤੂ ਸਿਮਰਨ ਚੌਧਰੀ ਆਪਣੀ ਅਗਲੀ ਈਪੀ ਫੋਕੀ ਰਾਣੀ ਦੇ ਸਿੰਗਲ ਆ ਗਿਆ ਨੀ ਨਾਲ ਸੰਗੀਤ ਉਦਯੋਗ ਨੂੰ ਤੂਫਾਨ ਨਾਲ ਲੈ ਜਾਣ ਲਈ ਤਿਆਰ ਹੈ। ਲੋਕ ਅਤੇ ਪੌਪ ਦਾ ਇਹ ਮਨਮੋਹਕ ਮਿਸ਼ਰਣ ਸੰਗੀਤ ਦੀਆਂ ਸੀਮਾਵਾਂ ਨੂੰ ਮੁੜ ਪਰਿਭਾਸ਼ਿਤ ਕਰੇਗਾ ਅਤੇ ਸਿਮਰਨ ਦੇ ਵਿਲੱਖਣ ਸੰਗੀਤਕ ਗਿਆਨ ਅਤੇ ਸਿਰਜਣਾਤਮਕ ਦ੍ਰਿਸ਼ਟੀ ਦੀ ਗਵਾਹੀ ਦੇਵੇਗਾ। ਆ ਗਿਆ ਨੀ ਸਮਕਾਲੀ ਪੌਪ ਤੱਤਾਂ ਨਾਲ ਭਰਪੂਰ ਲੋਕਧਾਰਾ ਦਾ ਸੰਯੋਜਨ ਹੈ। ਚੰਡੀਗੜ੍ਹ ਵਾਲੀ ਸਿਮਰਨ ਚੌਧਰੀ ਆਪਣੀ ਹਿੰਦੁਸਤਾਨੀ ਦੀ ਝਲਕ ਦਿਖਾਉਂਦੀ ਹੈ। ਇੱਥੇ ਕਲਾਸੀਕਲ ਸਿਖਲਾਈ ਦਿੱਤੀ ਜਾਂਦੀ ਹੈ ਅਤੇ ਆਪਣੀ ਦਮਦਾਰ ਅਤੇ ਸੁਰੀਲੀ ਆਵਾਜ਼ ਨਾਲ ਹਰ ਇੱਕ ਦਾ ਮਨ ਮੋਹ ਲੈਂਦੀ ਹੈ। ਗੀਤਕਾਰ ਰਾਜਾ ਦੁਆਰਾ ਲਿਖੇ ਗੀਤ ਦੇ ਬੋਲ ਪੰਜਾਬੀ ਸੱਭਿਆਚਾਰ ਨਾਲ ਜੁੜੇ ਹੋਏ ਹਨ ਜੋ ਯਕੀਨਨ ਸਰੋਤਿਆਂ ਦੇ ਦਿਲਾਂ ਵਿੱਚ ਗੂੰਜਣਗੇ। ਪ੍ਰਤਿਭਾਸ਼ਾਲੀ ਸੰਗੀਤ ਨਿਰਮਾਤਾ ਈਡਨ ਦੁਆਰਾ ਨਿਰਦੇਸ਼ਤ ਆਧੁਨਿਕ ਪ੍ਰੋਡਕਸ਼ਨ ਟਰੈਕ ਨੂੰ ਪ੍ਰਭਾਵਿਤ ਕਰਦਾ ਹੈ। ਊਰਜਾ ਦੇ ਇੱਕ ਵਿਸਫੋਟ ਨਾਲ. ਸਿੰਗਲ ਸਿਮਰਨ ਚੌਧਰੀ ਅਤੇ ਰਾਜਾ ਵਿਚਕਾਰ ਰਚਨਾਤਮਕ ਸਹਿਯੋਗ ਦਾ ਇੱਕ ਸੁਰੀਲਾ ਨਤੀਜਾ ਹੈ। ਸਿਮਰਨ ਚੌਧਰੀ ਦੀ ਕਲਾਤਮਕ ਚਮਕ ਆ ਗਿਆ ਨੀ ਦੇ ਹਰ ਨੋਟ ਵਿੱਚ ਸਪੱਸ਼ਟ ਹੈ ਅਤੇ ਇਸ ਦੇ ਲਾਂਚ ਮੌਕੇ ਉਸਨੇ ਕਿਹਾ ਕਿ ਆ ਗਿਆ ਨੀ ਰਵਾਇਤੀ ਲੋਕ ਸੰਗੀਤ ਅਤੇ ਸਮਕਾਲੀ ਪੌਪ ਦੋਵਾਂ ਲਈ ਮੇਰੇ ਜਨੂੰਨ ਅਤੇ ਪਿਆਰ ਨੂੰ ਦਰਸਾਉਂਦਾ ਹੈ। ਸੰਗੀਤ ਦੀਆਂ ਕਿਸਮਾਂ ਅਤੇ ਲੋਕਾਂ ਦੇ ਜੀਵਨ ਵਿੱਚ ਖੁਸ਼ੀਆਂ ਲਿਆਉਂਦੀਆਂ ਹਨ। ਇਹ ਟਰੈਕ ਇੱਕ ਕਲਾਕਾਰ ਦੇ ਰੂਪ ਵਿੱਚ ਮੇਰੇ ਸਫ਼ਰ ਦਾ ਪ੍ਰਮਾਣ ਹੈ ਅਤੇ ਮੈਂ ਤੁਹਾਡੇ ਸਾਰਿਆਂ ਲਈ ਆ ਗਿਆ ਨੀ ਪੇਸ਼ ਕਰਕੇ ਬਹੁਤ ਖੁਸ਼ ਹਾਂ। ਆਪਣੀ ਸ਼ੈਲੀ ਵਿੱਚ ਵੱਖ-ਵੱਖ ਸ਼ੈਲੀਆਂ ਨੂੰ ਆਸਾਨੀ ਨਾਲ ਮਿਲਾਉਣ ਦੀ ਆਪਣੀ ਯੋਗਤਾ ਨਾਲ, ਉਹ ਸੰਗੀਤ ਦੀਆਂ ਸੀਮਾਵਾਂ ਨੂੰ ਅੱਗੇ ਵਧਾਉਂਦੀ ਰਹਿੰਦੀ ਹੈ।

# 27 ਨੂੰ ਦੁਪਹਿਰ 1 ਵਜੇ ਜ਼ੀ ਪੰਜਾਬੀ 'ਤੇ ਪੰਜਾਬੀ ਬਲਾਕਬਸਟਰ 'ਮੌੜ' ਦਾ ਵਰਲਡ ਟੈਲੀਵਿਜ਼ਨ ਪ੍ਰੀਮਿਅਰ ਦੇਖਣ ਲਈ ਤਿਆਰ ਹੋ ਜਾਓ

• ਚੰਡੀਗੜ੍ਹ

ਪੰਜਾਬੀ ਫਿਲਮ 'ਮੌੜ' ਜਿਸ ਨੇ ਥਿਏਟਰਾਂ ਅਤੇ ਓਟੀਟੀ ਪਲੇਟਫਾਰਮਾਂ ਉੱਤੇ ਪ੍ਰਸਿੱਧੀ ਹਾਸਿਲ ਕਰਨ ਤੋਂ ਬਾਅਦ ਹੁਣ, ਇਹ ਫਿਲਮ 27 ਅਗਸਤ 2023 ਨੂੰ ਦੁਪਹਿਰ 1 ਵਜੇ ਜ਼ੀ ਪੰਜਾਬੀ 'ਤੇ ਆਪਣੇ ਵਿਸ਼ਵ ਟੈਲੀਵਿਜ਼ਨ ਪ੍ਰੀਮੀਅਰ ਲਈ ਤਿਆਰ ਹੈ, ਜੋ ਆਪਣੀ ਸ਼ਕਤੀਸ਼ਾਲੀ ਕਹਾਣੀ ਸੁਣਾਉਣ ਨਾਲ ਵਧੇਰੇ ਦਰਸ਼ਕਾਂ ਨੂੰ ਲੁਭਾਉਣ ਦਾ ਵਾਅਦਾ ਕਰਦੀ ਹੈ। ਫਿਲਮ ਦਾ ਵੱਡੇ ਪਰਦੇ ਤੋਂ ਟੈਲੀਵਿਜ਼ਨ ਤੱਕ ਦਾ ਸਫ਼ਰ ਇਸਦੀ ਜੇਤੂ ਦੌੜ ਵਿੱਚ ਇੱਕ ਹੋਰ ਮੀਲ ਪੱਥਰ ਦੀ ਨਿਸ਼ਾਨਦੇਹੀ ਕਰਦਾ ਹੈ, ਜਿਸ ਨਾਲ ਦੁਨੀਆ ਭਰ ਦੇ ਘਰਾਂ ਵਿੱਚ ਇਸ ਦੇ ਦਿਲਚਸਪ ਬਿਰਤਾਂਤ ਅਤੇ ਸੱਭਿਆਚਾਰਕ ਤੱਤ ਪਹੁੰਚ ਜਾਂਦੇ ਹਨ। ਇਸ ਬਹੁਤ ਹੀ ਉਡੀਕੀ ਜਾਣ ਵਾਲੀ ਪੰਜਾਬੀ ਫਿਲਮ ਵਿੱਚ ਐਮੀ ਵਿਰਕ ਅਤੇ ਦੇਵ ਖਰੌੜ ਦੀ ਗਤੀਸ਼ੀਲ ਜੋੜੀ ਮੁੱਖ ਭੂਮਿਕਾਵਾਂ ਵਿੱਚ ਦਿਖਾਈ ਦਿੰਦੀ ਹੈ, ਜੋ ਇੱਕ ਪਾਵਰ-ਪੈਕਡ ਪ੍ਰਦਰਸ਼ਨ ਦਾ ਵਾਅਦਾ ਕਰਦੀ ਹੈ ਜੋ ਦਰਸ਼ਕਾਂ ਨੂੰ ਹੈਰਾਨ ਕਰ ਦੇਵੇਗੀ। ਇਹ ਫਿਲਮ ਪੰਜਾਬੀ ਸੱਭਿਆਚਾਰ, ਪਰੰਪਰਾ ਅਤੇ ਅਮੀਰ ਵਿਰਸੇ ਦੇ ਤੱਤ ਨੂੰ ਜੀਵਨ ਵਿੱਚ ਲਿਆਉਂਦੇ ਹੋਏ, ਉਹਨਾਂ ਦੇ ਦਿਲਚਸਪ ਸਫ਼ਰ ਨੂੰ ਦਰਸਾਉਂਦੀ ਹੈ ਦੇਖਣਾ ਨਾ ਭੁੱਲੋ, ਜ਼ੀ ਪੰਜਾਬੀ 'ਤੇ 27 ਅਗਸਤ 2023 ਨੂੰ ਦੁਪਹਿਰ 1 ਵਜੇ 'ਮੌੜ' ਦਾ ਵਰਲਡ ਟੈਲੀਵਿਜ਼ਨ ਪ੍ਰੀਮੀਅਰ।




# ਵਿਧਾਇਕ ਭੋਲਾ ਗਰੇਵਾਲ ਵਲੋਂ ਵਾਰਡ ਨੰਬਰ 2 'ਚ ਵਿਕਾਸ ਕਾਰਜਾਂ ਦਾ ਉਦਘਾਟਨ

## 77 ਲੱਖ ਰੁਪਏ ਦੀ ਲਾਗਤ ਨਾਲ ਕਰੀਬ ਇੱਕ ਮਹੀਨੇ 'ਚ ਤਿਆਰ ਹੋ ਜਾਣਗੀਆਂ ਦੀਪ ਵਿਹਾਰ ਦੀਆਂ ਨਵੀਆਂ ਸੜਕਾਂ

### ਪਿਛਲੀਆਂ ਸਰਕਾਰਾਂ ਨੇ ਕੀਤੀ ਸਿਆਸਤ ਅਸੀਂ ਕਰ ਰਹੇ ਹਾਂ ਵਿਕਾਸ - ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ



• ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ

ਵਿਧਾਨ ਸਭਾ ਹਲਕਾ ਲੁਧਿਆਣਾ ਪੂਰਬੀ ਅਧੀਨ ਵਾਰਡ ਨੰਬਰ 2 ਦੇ ਮੁਹੱਲਾ ਦੀਪ ਵਿਹਾਰ ਵਿੱਖੇ ਕਰੀਬ 77 ਲੱਖ ਦੀ ਲਾਗਤ ਨਾਲ ਇੰਟਰਲੌਕ ਟਾਇਲਾਂ ਨਾਲ ਬਣਨ ਵਾਲੀਆਂ ਸੜਕਾਂ ਦੇ ਨਿਰਮਾਣ ਕਾਰਜ਼ਾਂ ਦਾ ਉਦਘਾਟਨ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਵੱਲੋਂ ਕੀਤਾ ਗਿਆ। ਇਸ ਮੌਕੇ ਇਲਾਕਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਗਰੇਵਾਲ ਨੇ ਕਿਹਾ ਕਿ ਸੂਬੇ 'ਤੇ ਰਾਜ ਕਰ ਚੁੱਕੀਆਂ ਪਿਛਲੀਆਂ ਸਰਕਾਰਾਂ ਨੇ ਸੂਬੇ 'ਚ ਵਿਕਾਸ ਦੀ ਥਾਂ ਤੇ ਸਿਰਫ ਸਿਆਸਤ ਕੀਤੀ ਹੈ ਅਤੇ ਦੂਜੇ ਪਾਸੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਜਿੱਥੇ ਸੂਬਾ ਵਾਸੀਆਂ ਨੂੰ ਹਰ ਤਰ੍ਹਾਂ ਦੀਆਂ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ ਉੱਥੇ ਹੀ ਸੂਬੇ ਅੰਦਰ ਰਿਕਾਰਡ ਤੋੜ ਵਿਕਾਸ ਕਾਰਜ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਹਲਕਾ ਪੂਰਬੀ ਦੀ ਗੱਲ ਕਰੀਏ ਤਾਂ ਪਿਛਲੀਆਂ ਸਰਕਾਰਾਂ ਦੇ ਨੁਮਾਇੰਦਿਆਂ ਨੇ ਫਲੈਕਸਾਂ ਰਾਹੀਂ ਹਜ਼ਾਰਾਂ ਕਰੋੜਾਂ ਦੇ ਵਿਕਾਸ ਦਿਖਾ ਲੋਕਾਂ ਨੂੰ ਗੁਮਰਾਹ ਕਰਨ ਦੀ ਤਾਂ ਕੋਸ਼ਿਸ਼ ਜ਼ਰੂਰ ਕੀਤੀ ਪਰ ਇਸ ਦਾ ਜਵਾਬ ਲੋਕਾਂ ਵੱਲੋਂ ਮੋੜਵਾਂ ਜੁਆਬ 2022 ਦੀਆਂ ਚੋਣਾਂ ਦੇ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਬੀਤੇ ਡੇਢ ਸਾਲ ਦੇ ਕਾਰਜਕਾਲ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬਾ ਵਾਸੀਆਂ ਲਈ ਮੁਫ਼ਤ ਬਿਜਲੀ ਦੇ ਨਾਲ-ਨਾਲ ਬਿਹਤਰ ਸਿਹਤ ਸੇਵਾਵਾਂ ਲਈ ਹਰ ਹਲਕੇ ਅੰਦਰ ਆਮ ਆਦਮੀ ਕਲੀਨਿਕ ਖੋਲ ਵੱਡੀ ਰਾਹਤ ਦਿੱਤੀ ਹੈ। ਵਿਧਾਇਕ ਗਰੇਵਾਲ ਨੇ ਕਿਹਾ ਕਿ 'ਸੂਬੇ ਦੀਆਂ ਪਿਛਲੀਆਂ ਸਰਕਾਰਾਂ, ਅਕਾਲੀ ਦਲ ਅਤੇ ਕਾਂਗਰਸ ਦੇ ਵਿਗਾੜੇ ਹੋਏ ਸਿਸਟਮ ਨੂੰ ਠੀਕ ਕਰਨ ਲਈ ਥੋੜਾ ਸਮਾਂ ਤਾਂ ਜਰੂਰ ਲੱਗੇਗਾ ਪਰ ਇੱਕ ਗੱਲ ਦਾ ਭਰੋਸਾ ਤੁਸੀਂ ਜਰੂਰ ਰੱਖੋ ਕੀ ਸਾਡਾ ਸੂਬਾ ਆਉਣ ਵਾਲੇ ਸਮੇਂ ਵਿੱਚ ਦੇਸ਼ ਦਾ ਨੰਬਰ ਇੱਕ ਸੂਬਾ ਜਰੂਰ ਬਣੇਗਾ'। ਇਸ ਮੌਕੇ ਤੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਅਤੇ ਇਲਾਕਾ ਨਿਵਾਸੀ ਵੀ ਹਾਜਰ ਸਨ।

# ਡਿਪਸ ਦੇ ਸੰਸਥਾਵਾਂ ਵਿੱਚ ਚੰਦਰਯਾਨ-3 ਦੀ ਸਫਲਤਾ ਲਈ ਪ੍ਰਾਰਥਨਾ ਸਭਾ ਆਯੋਜਿਤ ਕੀਤੀ




**ਚੰਦਰਯਾਨ** 3 ਦੇ ਚੰਦਰਮਾ 'ਤੇ ਸਫਲ ਲੈਂਡਿੰਗ ਲਈ ਡਿਪਸ ਚੇਨ ਦੇ ਸਾਰੇ ਸੰਸਥਾਨਾਂ ਵਿੱਚ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਉਨ੍ਹਾਂ ਨੂੰ ਭਾਰਤੀ ਅੰਤਰਿਕਸ਼ ਰਿਸਰਚ ਸੰਗਠਨ ਦੁਆਰਾ ਲਾਂਚ ਕੀਤੇ ਗਏ ਚੰਦਰਯਾਨ 3 ਬਾਰੇ ਜਾਣਕਾਰੀ ਦਿੱਤੀ ਗਈ ਅਤੇ ਇਸਦੀ ਸਫਲ ਲੈਂਡਿੰਗ ਲਈ ਇਕੱਠੇ ਪ੍ਰਾਰਥਨਾ ਕੀਤੀ ਗਈ। ਸਾਇੰਸ ਅਧਿਆਪਕਾਂ ਨੇ ਇਸ ਬਾਰੇ ਬੱਚਿਆਂ ਨੂੰ ਵੀਡੀਓ ਅਤੇ ਪੀ.ਪੀ.ਟੀ. ਭਾਰਤ ਦੇ ਇਸ ਮਿਸ਼ਨ ਦੀ ਜਾਣਕਾਰੀ ਦਿੱਤੀ। ਬੱਚਿਆਂ ਨੇ ਇਸ ਮੌਕੇ ਪੋਸਟਰ ਬਣਾਏ ਅਤੇ ਇਸ ਬਾਰੇ ਜਾਣਕਾਰੀ ਆਪਣੇ ਸਹਿਪਾਠੀਆਂ ਨਾਲ ਸਾਂਝੀ ਕੀਤੀ। ਡਿਪਸ ਚੇਨ ਦੇ ਐਮਡੀ ਸਰਦਾਰ ਤਰਵਿੰਦਰ ਸਿੰਘ ਨੇ ਕਿਹਾ ਕਿ ਭਾਰਤ ਸ਼ੁਰੂ ਤੋਂ ਹੀ ਆਪਣੇ ਦਮ 'ਤੇ ਦੁਨੀਆ ਵਿੱਚ ਨਵਾਂ ਇਤਿਹਾਸ ਰਚਦਾ ਆ ਰਿਹਾ ਹੈ, ਚਾਹੇ ਉਹ ਸਿੱਖਿਆ, ਖੇਡਾਂ ਜਾਂ ਵਿਗਿਆਨ ਦੇ ਖੇਤਰ ਵਿੱਚ ਹੋਵੇ। ਉਮੀਦ ਹੈ ਕਿ ਭਾਰਤ ਇਸੇ ਤਰ੍ਹਾਂ ਨਵਾਂ ਇਤਿਹਾਸ ਰਚਦਾ ਰਹੇਗਾ ਅਤੇ ਡਿਪਸ ਚੇਨ ਦੀ ਨੌਜਵਾਨ ਪੀੜ੍ਹੀ ਵੀ ਇਸ ਵਿੱਚ ਆਪਣਾ ਯੋਗਦਾਨ ਦੇਵੇਗੀ।ਸੀਈਓ ਮੋਨਿਕਾ ਮੰਡੋਤਰਾ ਨੇ ਕਿਹਾ ਕਿ ਚੰਦਰਯਾਨ-3 ਦੇ ਸਫਲ ਲੈਂਡਿੰਗ ਤੋਂ ਬਾਅਦ ਭਾਰਤ ਅਜਿਹਾ ਕਰਨ ਵਾਲਾ ਪਹਿਲਾ ਦੇਸ਼ ਬਣ ਗਿਆ ਹੈ। ਚੰਦਰਮਾ ਦੇ ਦੱਖਣੀ ਪਾਸੇ 'ਤੇ ਇੱਕ ਨਰਮ ਲੈਂਡਿੰਗ ਜੋ ਸਾਡੇ ਦੇਸ਼ ਲਈ ਬਹੁਤ ਮਾਣ ਵਾਲੀ ਗੱਲ ਹੈ।

# ਬਲਾਚੌਰ 'ਚ ਦਿਨੋ-ਦਿਨ ਵਧ ਰਿਹਾ ਨਸ਼ੇ ਦਾ ਕਾਰੋਬਾਰ, ਸੂਤਰਾਂ ਅਨੁਸਾਰ ਬਲਾਚੌਰ ਵਿੱਚ ਵਿਕ ਰਿਹਾ ਨਸ਼ਾ

• ਨਵਾਂਸ਼ਹਿਰ,/ਬਲਾਚੌਰ/ਜਤਿੰਦਰ ਪਾਲ ਸਿੰਘ ਕਲੇਰ

ਪੰਜਾਬ ਨੂੰ ਕਦੇ ਸੋਨੇ ਕੀ ਚਿੜੀਆਂ ਦੇ ਨਾਂ ਨਾਲ ਜਾਣਿਆ ਜਾਂਦਾ ਸੀ, ਪਰ ਹੁਣ ਨਸ਼ੇ ਦੇ ਵਪਾਰ ਅਤੇ ਨਸ਼ਿਆਂ ਕਾਰਨ ਹੋ ਰਹੀਆਂ ਨੌਜਵਾਨਾਂ ਦੀਆਂ ਮੌਤਾਂ ਕਾਰਨ ਪੂਰੇ ਭਾਰਤ ਵਿੱਚ ਜਾਣਿਆ ਜਾ ਰਿਹਾ ਹੈ, ਜਿਸ ਦਾ ਖਮਿਆਜ਼ਾ ਪੰਜਾਬ ਦੇ ਲੋਕਾਂ ਨੂੰ ਭੁਗਤਣਾ ਪਿਆ ਹੈ।ਸੂਤਰਾਂ ਦੀ ਮੰਨੀਏ ਤਾਂ ਬਲਾਚੌਰ ਸ਼ਹਿਰ 'ਚ ਵੱਖ-ਵੱਖ ਥਾਵਾਂ 'ਤੇ ਨਸ਼ੇ ਵਿਕ ਰਹੇ ਹਨ ਅਤੇ ਨੌਜਵਾਨ ਨਸ਼ੇ 'ਚ ਧੁੱਤ ਹੋ ਰਹੇ ਹਨ। ਬਲਾਚੌਰ ਸ਼ਹਿਰ ਦੇ ਸਮਾਜ ਸੇਵੀ ਲੋਕਾਂ ਨੇ ਪੁਲਿਸ ਨਾਲ ਮੀਟਿੰਗ ਕਰਕੇ ਕਈ ਵਾਰ ਉਕਤ ਸਥਾਨ ਅਤੇ ਨਸ਼ਾ ਤਸਕਰਾਂ ਬਾਰੇ ਦੱਸਿਆ ਹੈ ਪਰ ਪੁਲਿਸ ਪ੍ਰਸ਼ਾਸਨ ਇਸ ਪਾਸੇ ਧਿਆਨ ਨਹੀਂ ਦੇ ਰਿਹਾ। ਪੁਲਿਸ ਦਾ ਕਹਿਣਾ ਹੈ ਕਿ ਤੁਸੀਂ ਨਸ਼ਾ ਕਰਨ ਵਾਲੇ ਅਤੇ ਨਸ਼ਾ ਤਸਕਰਾਂ ਦਾ ਨਾਮ ਅਤੇ ਪਤਾ ਦੱਸੋ, ਤੁਹਾਡਾ ਨਾਮ ਗੁਪਤ ਰੱਖਿਆ ਜਾਵੇਗਾ।ਪਰ ਹੁਣ ਅਜਿਹਾ ਮਾਹੌਲ ਬਣ ਗਿਆ ਹੈ ਕਿ ਲੋਕ ਦੱਸਣ ਤੋਂ ਵੀ ਝਿਜਕ ਰਹੇ ਹਨ ਕਿਉਂਕਿ ਨਸ਼ੇ ਦੇ ਸੌਦਾਗਰ ਅਤੇ ਨਸ਼ੇੜੀ ਨੌਜਵਾਨ ਇਹ ਨਹੀਂ ਦੇਖ ਰਹੇ ਕਿ ਉਨ੍ਹਾਂ ਦੇ ਸਾਹਮਣੇ ਕੌਣ ਆ ਰਿਹਾ ਹੈ, ਉਨ੍ਹਾਂ 'ਤੇ ਹਮਲਾ ਕਰਨ ਤੋਂ ਪਿੱਛੇ ਨਹੀਂ ਹਟਦੇ। ਡਰ ਦੇ ਇਸ ਮਾਹੌਲ ਵਿੱਚ ਕੋਈ ਵੀ ਨਸ਼ੇ ਦੇ ਆਦੀ ਤਸਕਰਾਂ ਅਤੇ ਨਸ਼ੇ ਦੇ ਆਦੀ ਨੌਜਵਾਨਾਂ ਬਾਰੇ ਦੱਸਣਾ ਮੁਨਾਸਿਬ ਨਹੀਂ ਸਮਝ ਰਿਹਾ। ਅੱਜ ਜਦੋਂ ਸਮਾਜ ਸੇਵੀਆਂ ਨੇ ਬਲਾਚੌਰ ਨਗਰ ਕੌਂਸਲ ਦਫ਼ਤਰ ਨੇੜੇ ਸ਼ਮਸ਼ਾਨਘਾਟ ਵਾਲੀ ਥਾਂ ਨੂੰ ਪੁਲੀਸ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਤਾਂ ਉਸ ਵੇਲੇ ਇੱਕ ਵਾਕਿਆ ਦੇਖਣ ਨੂੰ ਮਿਲਿਆ ਪਰ ਪੁਲੀਸ ਪ੍ਰਸ਼ਾਸਨ ਨੇ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ।ਇੱਕ ਨੌਜਵਾਨ ਟੀਕਾ ਲਗਾ ਕੇ ਉੱਥੇ ਪਿਆ ਸੀ। ਪੱਤਰਕਾਰਾਂ ਨੂੰ ਫੋਨ 'ਤੇ ਬੁਲਾਇਆ ਗਿਆ ਤਾਂ ਉਨ੍ਹਾਂ ਨੇ ਜਾ ਕੇ ਦੇਖਿਆ ਕਿ ਨੌਜਵਾਨ ਨਸ਼ੇ 'ਚ ਧੁੱਤ ਹੋ ਕੇ ਉਥੇ



ਲੰਬੇ ਲੰਬੇ ਸਾਹ ਲੈ ਰਿਹਾ ਸੀ। ਰੌਲਾ ਪੈਂਦਾ ਦੇਖ ਕੇ ਉਹ ਘਬਰਾ ਕੇ ਖੜ੍ਹਾ ਹੋ ਗਿਆ।ਜਦੋਂ ਉਹ ਉੱਠ ਕੇ ਬੈਠਿਆ ਤਾਂ ਉਸ ਦੇ ਹੇਠਾਂ ਤੋਂ ਸਰਿੰਜ ਅਤੇ ਸੂਈ ਨਜ਼ਰ ਆ ਰਹੀ ਸੀ।ਜਦੋਂ ਨੌਜਵਾਨ ਨੂੰ ਪੁੱਛਿਆ ਗਿਆ ਕਿ ਤੂੰ ਨਸ਼ਾ ਕਿਉਂ ਕੀਤਾ ਤਾਂ ਉਹ ਕਹਿਣ ਲੱਗਾ ਕਿ ਪਹਿਲਾਂ ਤੂੰ ਆਪਣਾ ਕੈਮਰਾ ਬੰਦ ਕਰੋ, ਫਿਰ ਮੈਂ ਦੱਸਾਂਗਾ। ਪੁੱਛਣ 'ਤੇ ਉਸ ਨੇ ਕਿਹਾ ਕਿ ਮੈਂ ਸ਼ਰਾਬ ਪੀਣ ਦਾ ਆਦੀ ਹਾਂ। ਜਦੋਂ ਉਸ ਨੂੰ ਪੁੱਛਿਆ ਕਿ ਤੇਰੇ ਹੇਠਾਂ ਇਹ ਟੀਕਾ ਅਤੇ ਸਰਿੰਜ ਕਿੱਥੋਂ ਆਈ ਹੈ ਤਾਂ ਉਹ ਦੱਸਣ ਦੇ ਯੋਗ ਦਿਖਾਈ ਨਹੀਂ ਦਿੱਤਾ।ਨੌਜਵਾਨ ਆਪਣੇ ਪੈਰਾਂ 'ਤੇ ਖੜ੍ਹਾ ਵੀ ਨਹੀਂ ਹੋ ਸਕਿਆ। ਇਸ ਸੰਬੰਧ ਵਿੱਚ ਜਦੋਂ ਡੀਐਸਪੀ ਸ਼ਾਮ ਸੁੰਦਰ ਸ਼ਰਮਾ ਨਾਲ ਗੱਲ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਤੁਸੀਂ ਮੇਰੇ ਧਿਆਨ ਦੇ ਵਿੱਚ ਲਿਆਂਦਾ ਹੈ ਮੈਂ ਜ਼ਰੂਰ ਇਨ੍ਹਾਂ ਨੌਜਵਾਨਾਂ ਨੂੰ ਬਚਾਉਣ ਲਈ ਇਹਨਾਂ ਦਾ ਇਲਾਜ ਕਰਾਵੇਗਾ। ਇਸ ਦੇ ਨਾਲ ਹੀ ਉਨ੍ਹਾਂ ਨੇ ਕਿਹਾ ਕਿ ਪੀ.ਸੀ.ਆਰ ਦੀ ਇਥੇ ਗਸਤ ਵਧਾਈ ਜਾਵੇ ਤਾਂ ਦੋ ਕੋਈ ਨੌਜਵਾਨ ਨਸਾ? ਨਾ ਕਰ ਸਕੇ।

# ਹੱਕ ਮੰਗਦੇ ਕਿਸਾਨਾਂ ਤੇ ਪੁਲਿਸ ਵਲੋਂ ਲਾਠੀਚਾਰਜ ਤੇ ਗਿਰ.ਫ਼ਤਾਰ ਕਰਨ ਦੀ ਪੰਜਾਬ ਨਾਨ ਗਜ਼ਟਿਡ ਫਾਰੈਸਟ ਅਫਸੀਰਜ ਯੂਨੀਅਨ ਵਲੋਂ ਸਖਤ ਨਿਖੇਧੀ ਕੀਤੀ




• ਨਵਾਂਸ਼ਹਿਰ/ਜਤਿੰਦਰ ਪਾਲ ਸਿੰਘ ਕਲੇਰ

ਭਾਰਤੀ ਕਿਸਾਨ ਯੂਨੀਅਨ ਸੰਘਰਸ਼ ਕਮੇਟੀ ਦੇ ਆਗੂਆਂ ਤੇ ਲਾਠੀਚਾਰਜ ਕਰਨ ਤੇ ਉਨ੍ਹਾਂ ਨੂੰ ਗਿਰ.ਫਤਾਰ ਕਰਨ ਦੀ ਪੰਜਾਬ ਨਾਨ ਗਜ਼ਟਿਡ ਫਾਰੈਸਟ ਅਫਸੀਰਜ ਯੂਨੀਅਨ ਵਲੋਂ ਸਖਤ ਨਿਖੇਧੀ ਕੀਤੀ ਹੈ। ਇਸ ਸਮੇਂ ਆਗੂਆਂ ਨੇ ਮੰਗ ਕੀਤੀ ਕਿ ਗਿਰ.ਫਤਾਰ ਕੀਤੇ ਆਗੂਆਂ ਨੂੰ ਬਿਨਾ ਸ਼ਰਤ ਰਿਹਾ ਕੀਤਾ ਜਾਵੇ ਉਨ੍ਹਾਂ ਦੀਆਂ ਮੰਗਾਂ ਤੇ ਹਮਦਰਦੀ ਨਾਲ ਵਿਚਾਰ ਕਰਕੇ ਉਨ੍ਹਾਂ ਨੂੰ ਗੱਲਬਾਤ ਰਾਂਹੀ ਹੱਲ ਕੀਤਾ ਜਾਵੇ। ਇਸ ਸਮੇਂ ਪੰਜਾਬ ਨਾਨ ਗਜ਼ਟਿਡ ਫਾਰੈਸਟ ਅਫਸੀਰਜ ਯੂਨੀਅਨ ਪੰਜਾਬ ਦੇ ਸੂਬਾ ਗੁਰਿੰਦਰ ਸਹੋਤਾ ਨੇ ਕਿਹਾ ਹੈ ਕਿ ਪੰਜਾਬ

## ਲਾਠੀ ਗੋਲ਼ੀ ਨਾਲ ਅੰਦੋਲਨਾਂ ਨੂੰ ਦਬਾਇਆ ਨਹੀਂ ਜਾ ਸਕਦਾ : ਗੁਰਿੰਦਰਜੀਤ ਸਹੋਤਾ, ਗੁਰਮੋਹਣ ਸਿੰਘ

ਸਰਕਾਰ ਲਾਠੀ ਗੋਲ਼ੀ ਨਾਲ ਕਿਸਾਨਾਂ ਦੇ ਅੰਦੋਲਨ ਨੂੰ ਦਬਾਉਣਾ ਚਾਹੁੰਦੀ ਹੈ ਪਰ ਉਨ੍ਹਾਂ ਦਾ ਦੀਆਂ ਮੰਗਾਂ ਦੇ ਸੰਘਰਸ਼ ਨੂੰ ਦਬਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਵੱਡੇ ਵੱਡੇ ਵਾਅਦੇ ਕਰਕੇ ਬਦਲਾਅ ਦੇ ਨਾਮ ਤੇ ਬਣੀ ਸਰਕਾਰ ਲੋਕਾਂ ਦੀਆਂ ਜਾਇਜ ਮੰਗਾਂ ਨੂੰ ਸੁਣਨ ਤੋਂ ਵੀ ਮੁਨਕਰ ਹੋ ਰਹੀ ਹੈ ਤੇ ਪੁਰਾਣੀਆਂ ਸਰਕਾਰਾ ਵਾਂਗ ਤਾਨਾਸ਼ਾਹੀ ਰਵੱਈਆ ਅਪਣਾ ਰਹੀ ਹੈ, ਉਨ੍ਹਾਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇ ਲੋਕ ਪਹਿਲੀਆਂ ਸਰਕਾਰਾਂ ਨੂੰ ਬਦਲ ਸਕਦੇ ਹਨ ਤਾਂ ਤੁਹਾਡਾ ਹਸ਼ਰ ਵੀ ਉਨ੍ਹਾਂ ਵਰਗਾ ਹੀ ਹੋਣ ਵਾਲਾ ਹੈ ਇਹ ਸਰਕਾਰ ਨੂੰ ਕੰਧ ਤੇ ਲਿਖਿਆ ਪੜ? ਲੈਣਾ ਚਾਹੀਦਾ ਹੈ। ਇਸ ਸਮੇਂ ਹਰਦੀਪ ਸਿੰਘ ਪਨੇਸਰ,ਗੁਰਮੋਹਨ ਸਿੰਘ,ਪਰਮਵੀਰ ਸਿੰਘ,ਜਗਦੀਪ ਸਿੰਘ ਫੌਜੀ,ਭੁਪਿੰਦਰ ਸਿੰਘ,ਅਮਰਿੰਦਰ ਸਿੰਘ ਨਾਭਾ,ਪਰਗਟ ਸਿੰਘ ਮਰਾੜਾ ਆਦਿ ਹਾਜ਼ਰ ਸਨ।

# ਰਾਜਪਾਲ ਦਖਲ ਦੇ ਕੇ ਆਊਟਸੋਰਸਡ/ਇੰਨਲਿਟਸਮੈਂਟ ਮੁਲਾਜ਼ਮਾਂ ਨੂੰ ਰੈਗੂਲਰ ਕਰਵਾਉਣ- ਮਹਿੰਦਲੀ

• ਸ਼੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ

ਪੰਜਾਬ ਵਿਚ ਪਿਛਲੇ ਲੰਬੇ ਅਰਸੇ ਤੋਂ ਜਦੋਂ-ਜਦੋਂ ਵੀ ਚੋਣਾਂ ਆਉਂਦੀਆਂ ਸਨ ਤਾਂ ਸਿਆਸੀ ਲੋਕਾਂ ਵਲੋਂ ਕੁਰਸੀ ਪ੍ਰਾਪਤੀ ਲਈ ਪੰਜਾਬ ਸਰਕਾਰ ਅਧੀਨ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਕੰਮ ਕਰਦੇ ਆਊਟਸੋਰਸਡ ਇੰਨਲਿਟਸਮੈਂਟ ਮੁਲਾਜ਼ਮਾਂ ਨਾਲ ਹਰ ਵਾਰ ਰੈਗੂਲਰ ਕਰਨ ਦੇ ਵਾਅਦੇ ਕੀਤੇ ਜਾਂਦੇ ਸਨ। ਆਊਟਸੋਰਸਡ ਇੰਨਲਿਟਸਮੈਂਟ ਮੁਲਾਜ਼ਮ ਵੱਡਾ ਵੋਟ ਬੈਂਕ ਹੋਣ ਕਾਰਨ ਹਮੇਸ਼ਾ ਸਿਆਸੀ ਲੋਕਾਂ ਦੇ ਚੁਣਾਵੀ ਏਜੇਂਡੇ ਤੇ ਰਹਿੰਦੇ ਹਨ ਪਰ ਅਸਲ ਏਜੇਂਡੇ ਤੇ ਕਦੇ ਨਹੀਂ ਹੋਏ। ਪਿਛਲੇ ਲੰਬੇ ਅਰਸੇ ਦੌਰਾਨ ਬਾਦਲ, ਕੈਪਟਨ, ਚੰਨੀ ਤੋਂ ਬਾਅਦ ਹੁਣ ਮਾਨ ਸਰਕਾਰ ਸਮੇਂ ਵੀ ਇਹ ਮੁਲਾਜ਼ਮ ਰੈਗੂਲਰ ਹੋਣ ਲਈ ਜੱਦੋਜਹਿਦ ਕਰ ਰਹੇ ਹਨ। ਪਰ ਹੁਣ ਤੱਕ ਲਾਰਿਆਂ ਤੋਂ ਇਲਾਵਾ ਇਨਾਂ ਦੇ ਪੱਲੇ ਕੱਖ ਨਹੀਂ ਪਿਆ। ਇਨਾਂ ਸਭ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਇਥੇ ਸਮਾਜ਼ ਸੇਵੀ ਅਤੇ ਮੁਲਾਜ਼ਮ ਆਗੂ ਕਪਿਲ ਮਹਿੰਦਲੀ ਨੇ ਕੀਤਾ। ਉਨਾਂ ਅੱਜ ਇੱਕ ਪੱਤਰ ਪੰਜਾਬ ਦੇ ਰਾਜਪਾਲ ਨੂੰ ਲਿਖ ਕੇ ਰਾਜ ਦੇ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਕੰਮ ਕਰਦੇ ਆਊਟਸੋਰਸਡ ਇੰਨਲਿਟਸਮੈਂਟ ਮੁਲਾਜ਼ਮਾਂ ਦੀ ਤਰਸਯੋਗ ਹਾਲਤ ਬਾਰੇ ਜਾਣੂ ਕਰਵਾਇਆ। ਮਹਿੰਗਾਈ ਦੇ ਸਮੇਂ ਵਿਚ ਨਾਂ ਮਾਤਰ ਤਨਖਾਹਾਂ ਤੇ ਜਿਥੇ ਇਨ੍ਹਾਂ ਨੂੰ ਆਪਣੇ ਪਰਿਵਾਰਾਂ ਦਾ ਪਾਲਣ ਪੋਸ਼ਣ ਹੀ ਔਖਾ ਹੋਇਆ ਪਿਆ ਉਥੇ ਹੀ ਉਨਾਂ ਲਈ ਆਪਣੇ ਬੱਚਿਆਂ ਲਈ ਉਚ ਸਿੱਖਿਆ ਅਤੇ ਪਰਿਵਾਰ ਲਈ ਮਿਆਰੀ ਸਿਹਤ ਸਹੂਲਤਾਂ ਦੇਣੀਆਂ ਤਾਂ ਸਿਰਫ ਕਲਪਨਾ ਮਾਤਰ ਹੀ ਹੈ। ਇਸ ਲਈ ਰਾਜ ਦੇ ਸੰਵਿਧਾਨਕ ਮੁਖੀਆ ਹੋਣ ਨਾਤੇ ਉਨ੍ਹਾਂ ਰਾਜਪਾਲ ਪੰਜਾਬ ਨੂੰ ਅਪੀਲ ਕੀਤੀ ਕਿ ਆਊਟਸੋਰਸਡ ਇੰਨਲਿਟਸਮੈਂਟ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਸਬੰਧੀ ਪੰਜਾਬ ਸਰਕਾਰ, ਅਤੇ ਰਾਜ ਵਿਧਾਨਸਭਾ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ। ਤਾਂ ਜ਼ੋ ਰਾਜ ਦੇ ਸਮੂਹ ਆਊਟਸੋਰਸਡ ਇੰਨਲਿਟਸਮੈਂਟ ਮੁਲਾਜ਼ਮਾਂ ਨੂੰ ਆਰਥਿਕ ਅਤੇ ਮਾਨਸਿਕ ਲੁੱਟ ਤੋਂ ਬਚਾਇਆ ਜਾ ਸਕੇ।





# ਜਿੰਦਵੜੀ ਵਿਖੇ ਹੋਈ ਡਕੈਤੀ ਦੇ ਦੋਸ਼ੀਆ ਨੂੰ ਕਾਬੂ ਕਰਕੇ ਪੁਲਿਸ ਨੂੰ ਮਿਲੀ ਵੱਡੀ ਸਫਲਤਾ

## ਪਿਸਤੋਲ, ਕਾਰਤੂਸ ਅਤੇ ਗਹਿਣਿਆਂ ਸਮੇਤ ਤਿੰਨ ਦੋਸ਼ੀ ਕਾਬੂ-ਐਸ.ਐਸ.ਪੀ ਵਿਵੇਕਸ਼ੀਲ ਸੋਨੀ





**• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ**

ਐਸ.ਐਸ.ਪੀ ਰੂਪਨਗਰ ਸ੍ਰੀ ਵਿਵੇਕਸ਼ੀਲ ਸੋਨੀ ਆਈ.ਪੀ.ਐਸ ਨੇ ਅੱਜ ਪੁਲਿਸ ਥਾਨਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 17 ਅਗਸਤ 2023 ਨੂੰ ਪਿੰਡ ਜਿੰਦਵੜੀ ਵਿਖੇ ਇਲਾਕੇ ਦੇ ਮੋਹਤਬਰ ਵਿਅਕਤੀ ਸ੍ਰੀ ਸੁਰਿੰਦਰ ਸਿੰਘ ਕੰਗ ਮਾਲਕ ਕੰਗ ਪੈਲੇਸ ਦੀ ਰਿਹਾਇਸ਼ ਵਿਖੇ ਤੜਕਸਾਰ ਨਾਂ ਮਾਲੂਮ ਵਿਅਕਤੀਆਂ ਵੱਲੋਂ ਗੰਨ ਪੁਆਇੰਟ ਤੇ ਡਕੈਤੀ ਮਾਰੀ ਗਈ ਸੀ। ਜਿਸ ਸਬੰਧੀ ਥਾਨਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਮੁਕੱਦਮਾ ਨੰਬਰ 100 ਮਿਤੀ 17 ਅਗਸਤ 2023 ਅ/ਧ 454,380,506,342,392,148,149 ਆਈ.ਪੀ.ਸੀ, 25/54/59 ਆਰਮਜ਼ ਐਕਟ ਥਾਨਾ ਸ੍ਰੀ ਅਨੰਦਪੁਰ ਸਾਹਿਬ ਦਰਜ ਰਜਿਸਟਰ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਮੁਕੱਦਮੇ ਦੀ ਸੰਵੇਦਨਸ਼ੀਲਤਾ ਅਤੇ ਅਹਿਮੀਅਤ ਨੂੰ ਮੁੱਖ ਰੱਖਦੇ ਹੋਏ ਡਾਕਟਰ ਨਵਨੀਤ ਸਿੰਘ ਮਾਹਲ ਪੀ.ਪੀ.ਐਸ, ਕਪਤਾਨ ਪੁਲਿਸ (ਡਿਟੈਕਟਿਵ), ਸ੍ਰੀ ਮਨਵੀਰ ਸਿੰਘ ਬਾਜਵਾ ਪੀ.ਪੀ.ਐਸ ਉਪ ਕਪਤਾਨ ਪੁਲਿਸ ਰੂਪਨਗਰ ਅਤੇ ਸ੍ਰੀ ਅਜੇ ਸਿੰਘ ਪੀ.ਪੀ.ਐਸ, ਡੀ.ਐਸ.ਪੀ (ਸਬ ਡਵੀਜਨ ਅਨੰਦਪੁਰ ਸਾਹਿਬ) ਦੀ ਨਿਗਰਾਨੀ ਹੇਠ, ਇੰਸਪੈਕਟਰ ਸਤਨਾਮ ਸਿੰਘ ਇੰਚਾਰਜ ਸੀ.ਆਈ.ਏ ਰੂਪਨਗਰ ਅਤੇ

### ■ ਮਹਿਲਾ ਗੈਂਗ ਲੀਡਰ ਦੀ ਅਗਵਾਈ ਵਿੱਚ ਡਕੈਤੀ ਨੂੰ ਦਿੱਤਾ ਅੰਜਾਮ

ਇੰਸਪੈਕਟਰ ਹਰਕੀਰਤ ਸਿੰਘ ਮੁੱਖ ਅਫਸਰ ਥਾਨਾ ਸ੍ਰੀ ਅਨੰਦਪੁਰ ਸਾਹਿਬ ਦੀ ਸਪੈਸ਼ਲ ਇੰਨਵੈਸਟੀਗੇਸ਼ਨ ਟੀਮ ਦਾ ਗਠਨ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਸਪੈਸ਼ਲ ਇੰਨਵੈਸਟੀਗੇਸ਼ਨ ਟੀਮ ਨੇ ਮੁਕੱਦਮਾ ਉਕਤ ਦੀ ਤਫਤੀਸ਼ ਟੈਕਨੀਕਲ ਸਰਵੇਲੈਂਸ ਅਤੇ ਖੁਫੀਆ ਸੋਰਸਾਂ ਰਾਹੀ ਅਮਲ ਵਿੱਚ ਲਿਆਉਦੇ ਹੋਏ, ਉਕਤ ਡਕੈਤੀ ਦੀ ਵਾਰਦਾਤ ਨੂੰ ਟਰੇਸ ਕਰਕੇ ਬਹੁਤ ਵੱਡੀ ਸਫਲਤਾ ਹਾਸਲ ਕਰਦੇ ਹੋਏ ਮੁਕੱਦਮੇ ਦੇ ਦੋਸ਼ੀਆਂ, ਗੈਂਗ ਲੀਡਰ ਗੁਰਨੂਰ ਕੌਰ ਸਿੱਧੂ ਪਤਨੀ ਦਿਲਪ੍ਰੀਤ ਸਿੰਘ ਵਾਸੀ ਹਰਿੰਦਰਾ ਨਗਰ ਥਾਣਾ ਸਿਟੀ ਫਰੀਦਕੋਟ ਹਾਲ ਵਾਸੀ ਮੁਹੱਲਾ ਜੀ.ਕੇ ਬਿਹਾਰ ਲੁਧਿਆਣਾ ਜਿਲ੍ਹਾ ਲੁਧਿਆਣਾ, ਜਗਪ੍ਰੀਤ ਸਿੰਘ ਪੁੱਤਰ ਲਾਭ ਸਿੰਘ ਵਾਸੀ ਪਿੰਡ ਧਾਂਦਲਾ ਤਹਿਸੀਲ ਤੇ ਜਿਲ੍ਹਾ ਲੁਧਿਆਣਾ ਹਾਲ ਵਾਸੀ ਵਿਸਾਲ ਨਗਰ ਨੇੜੇ ਸ਼ਹੀਦ ਕਰਤਾਰ ਸਿੰਘ ਨਗਰ ਲੁਧਿਆਣਾ, ਜਿਲ੍ਹਾ ਲੁਧਿਆਣਾ ਅਤੇ ਜੁਗਿੰਦਰ ਸਿੰਘ ਪੁੱਤਰ ਛੱਤਰ ਸਿੰਘ ਵਾਸੀ ਮਕਾਨ ਨੰ: 334, ਫੇਜ਼ 1 ਰਾਮ ਦਰਬਾਰ ਚੰਡੀਗੜ੍ਹ ਨੂੰ 04 ਮਾਰੂ ਹਥਿਆਰਾ ਤੇ ਡਾਕੇ ਦੌਰਾਨ ਲੁੱਟੇ ਗਏ ਜੇਬਰਾਤ, ਸੋਨਾ ਸਮੇਤ ਗ੍ਰਿਫਤਾਰ ਕੀਤਾ ਹੈ। ਐਸ.ਐਸ.ਪੀ ਨੇ ਦੱਸਿਆ ਕਿ ਇਸ ਡਕੈਤੀ ਕਰਨ ਵਾਲੇ ਗੈਂਗ ਦੀ ਮੁੱਖ ਸਰਗਨਾ ਇੱਕ ਔਰਤ ਹੈ। ਉਨ੍ਹਾਂ ਨੇ ਦੱਸਿਆ ਕਿ ਜਿਸ ਦਾ ਨਾਮ ਗੁਰਨੂਰ ਕੌਰ ਹੈ, ਜਿਸ ਵੱਲੋਂ ਆਪ ਰੈਕੀ ਕਰਕੇ ਆਪਣੇ ਗੁਰਗਿਆਂ ਨੂੰ ਭੇਜ ਕੇ ਉਕਤ ਡਾਕੇ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਸੀ, ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੁਲਿਸ ਰਿਮਾਂਡ ਦੌਰਾਨ ਦੋਸ਼ੀਆਂ ਦੀ ਪੁੱਛ ਗਿੱਛ ਤੇ ਹੋਰ ਵੀ ਅਹਿਮ ਖੁਲਾਸੇ ਅਤੇ ਪਹਿਲਾ ਕੀਤੀਆਂ ਵਾਰਦਾਤਾ ਸਬੰਧੀ ਅਹਿਮ ਖੁਲਾਸੇ ਹੋਣ ਦੀ ਆਸ ਹੈ। ਉਨ੍ਹਾਂ ਦੱਸਿਆ ਕਿ ਹਾਲੇ ਦੋ ਹੋਰ ਦੋਸ਼ੀ ਫਰਾਰ ਹਨ, ਜਿਨ੍ਹਾਂ ਦੀ ਭਾਲ ਜਾਰੀ ਹੈ, ਡਕੈਤੀ ਲਈ ਵਰਤੇ ਸਮਾਨ 2 ਪਿਸਤੋਲ 32 ਬੂਰ, ਚਾਰ ਮੈਗਜ਼ੀਨ, 9 ਜਿੰਦਾ ਰੋਂਦ, 2 ਡੰਮੀ ਪਿਸਤੋਲ, ਸੋਨੇ ਅਤੇ ਹੀਰੇ ਦੇ ਗਹਿਣੇ ਬਰਾਮਦ ਕਰ ਲਏ ਹਨ।

# ਨਗਰ ਨਿਗਮ ਦੀ ਮਹਿਲਾਵਾਂ ਨੇ ਮਨਾਇਆ ਤੀਜ ਦਾ ਤਿਉਹਾਰ



**• ਜਲੰਧਰ**

ਨਗਰ ਨਿਗਮ ਦੀਆਂ ਮਹਿਲਾ ਮੁਲਾਜ਼ਮਾਂ ਵੱਲੋਂ ਤੀਜ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਫੰਕਸ਼ਨ ਦੀ ਮਿਸ ਤੀਜ ਜਸਲੀਨ ਕੌਰ ਰਹੀ। ਇੰਸਪੈਕਟਰ ਸੁਮਨ ਦੀ ਦੇਖ-ਰੇਖ ਹੇਠ ਇੱਕ ਨਿੱਜੀ ਹੋਟਲ ਵਿੱਚ ਮਹਿਲਾ ਮੁਲਾਜ਼ਮਾਂ ਨੇ ਗਿੱਧਾ ਅਤੇ ਭੰਗੜਾ ਪਾ ਕੇ ਤੀਆਂ ਦਾ ਤਿਉਹਾਰ ਮਨਾਇਆ ਅਤੇ ਸਮਾਗਮ ਦਾ ਆਨੰਦ ਮਾਣਿਆ। ਇਸ ਦੌਰਾਨ ਲੋਕ ਗੀਤ ਗਾਇਨ ਵੀ ਕੀਤਾ ਗਿਆ ਅਤੇ ਵੱਖ-ਵੱਖ ਖੇਲ ਵੀ ਖੇਲੇ ਗਏ ਅਤੇ ਜੇਤੂਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਮੈਡਮ ਸੁਮਨ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਤਿਉਹਾਰਾਂ ਦੇ ਰੰਗ ਭਾਵੇਂ ਬਦਲ ਗਏ ਹੋਣ ਪਰ ਸਭਿਅਤਾ ਅਜੇ ਵੀ ਕਾਇਮ ਹੈ, ਇਸ ਨੂੰ ਹੋਰ ਵੀ ਬਰਕਰਾਰ ਰੱਖਣ ਲਈ ਮੌਜੂਦਾ ਪੀੜ੍ਹੀਆਂ ਨੂੰ ਆਪਣੇ ਤਿਉਹਾਰਾਂ ਅਤੇ ਸੱਭਿਅਤਾ ਦਾ ਗਿਆਨ ਦੇਣਾ ਚਾਹੀਦਾ ਹੈ।

# ਚਿੱਪ ਵਾਲੇ ਮੀਟਰਾਂ ਦੇ ਵਿਰੋਧ ਵਿਚ ਪੇਂਡੂ ਮਜਦੂਰ ਯੂਨੀਅਨ ਵਲੋਂ ਮੀਟਿੰਗਾਂ




**• ਸ਼ਹੀਦ ਭਗਤ ਸਿੰਘ ਨਗਰ**

ਅੱਜ ਪੇਂਡੂ ਮਜਦੂਰ ਯੂਨੀਅਨ ਵਲੋਂ ਪਾਵਰਕੌਮ ਵਲੋਂ ਲਾਏ ਜਾ ਰਹੇ ਚਿੱਪ ਵਾਲੇ ਸਮਾਰਟ ਮੀਟਰਾਂ ਦੇ ਵਿਰੋਧ ਵਿਚ 28 ਅਗਸਤ ਨੂੰ ਨਿਗਰਾਨ ਇੰਜੀਨੀਅਰ ਨਵਾਂਸ਼ਹਿਰ ਦੇ ਦਫਤਰ ਅੱਗੇ ਲਾਏ ਜਾ ਰਹੇ ਧਰਨੇ ਦੀ ਤਿਆਰੀ ਲਈ ਮੁਜੱਫਰ ਪੁਰ, ਰਕਾਸਣ ਅਤੇ ਕੋਟ ਰਾਂਝਾ ਪਿੰਡਾਂ ਵਿਚ ਮਜਦੂਰਾਂ ਦੀਆਂ ਮੀਟਿੰਗਾਂ ਕੀਤੀਆਂ।ਇਹਨਾਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਪੇਂਡੂ ਮਜਦੂਰ ਯੂਨੀਅਨ ਦੇ ਜਿਲਾ ਆਗੂ ਕਮਲਜੀਤ ਸਨਾਵਾ, ਨੀਲਮ ਰਾਣੀ ਅਤੇ ਲਾਡੀ ਕੋਟ ਰਾਂਝਾ ਨੇ ਕਿਹਾ ਕਿ ਚਿੱਪ ਵਾਲੇ ਬਿਜਲੀ ਮੀਟਰ ਲਾਉਣਾ ਮਾਨ ਸਰਕਾਰ ਦੀ ਬਦਨੀਤੀ ਹੈ ਅਤੇ ਅਜਿਹਾ ਕਰਕੇ ਇਹ ਸਰਕਾਰ ਪਾਵਰਕੌਮ ਨੂੰ ਨਿੱਜੀ ਕੰਪਨੀਆਂ ਹਵਾਲੇ ਕਰਨਾ ਚਾਹੁੰਦੀ ਹੈ।ਇਸ ਤਰ੍ਹਾਂ ਕਰਨ ਨਾਲ ਮੁਫਤ ਬਿਜਲੀ ਦੀ ਸਹੂਲਤ ਖਤਮ ਹੋ ਜਾਵੇਗੀ।ਇਸ ਲਈ ਚਿੱਪ ਵਾਲੇ ਮੀਟਰਾਂ ਦਾ ਤਿੱਖਾ ਵਿਰੋਧ ਕਰਨਾ ਚਾਹੀਦਾ ਹੈ।ਮੀਟਿੰਗਾਂ ਸਮੇਂ ਪਿਆਰਾ ਸਿੰਘ ਸਰਪੰਚ ਮੁਜੱਫਰ ਪੁਰ, ਮੇਜਰ, ਸੀਮਾ ਰਾਣੀ, ਹਰਭਜਨ ਕੌਰ, ਚਰਨਦਾਸ, ਜਸਵਿੰਦਰ ਕੌਰ, ਸੁਰਿੰਦਰ ਕੌਰ ਵੀ ਮੌਜੂਦ ਸਨ।

DIPS INSTITUTIONS
CHAIN OF DIPS INSTITUTIONS
KNOWLEDGE IS POWER
DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com ( dipsimt@gmail.com )
CONTACT : 95010-00697 , 97806-00998

# ਸਾਬਕਾ ਪ੍ਰਧਾਨ ਐਡਵੋਕੇਟ ਚੱਬਰੇਵਾਲ ਤੇ ਹੋਏ ਹਮਲੇ ਕਾਰਨ ਵਕੀਲਾਂ ਨੇ ਕੀਤੀ ਹੜਤਾਲ



• ਸ੍ਰੀ ਅਨੰਦਪੁਰ ਸਾਹਿਬ/ਦਵਿੰਦਰਪਾਲ ਸਿੰਘ

ਬਾਰ ਐਸੋਸ਼ੀਏਸ਼ਨ ਦੇ ਸਾਬਕਾ ਪ੍ਰਧਾਨ ਐਡਵੋਕੇਟ ਦੌਲਤ ਸਿੰਘ ਚੱਬਰੇਵਾਲ ਤੇ ਹੋਏ ਕਾਤਲਾਨਾ ਹਮਲੇ ਦੇ ਰੋਸ਼ ਵਜੋਂ ਸ੍ਰੀ ਅਨੰਦਪੁਰ ਸਾਹਿਬ ਦੇ ਵਕੀਲਾਂ ਵਲੋਂ ਇੱਕ ਰੋਜਾ ਹੜਤਾਲ ਕੀਤੀ ਗਈ। ਇਸ ਸਬੰਧੀ ਬਾਰ ਐਸੋਸ਼ੀਏਸਨ ਦੇ ਪ੍ਰਧਾਨ ਨਰਿੰਦਰ ਪਰਾਸ਼ਰ ਨੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਦਾ ਸਮੂਹ ਭਾਈਚਾਰਾ ਐਡਵੋਕੇਟ ਚੱਬਰੇਵਾਲ ਤੇ ਹੋਏ ਹਮਲੇ ਦੀ ਸਖਤ ਸ਼ਬਦਾਂ ਨਾਲ ਨਿੰਦਾ ਕਰਦਾ ਹੈ ਅਤੇ ਉਹਨਾ ਵਲੋਂ ਲੜੀ ਜਾਣ ਵਾਲੀ ਹਰੇਕ ਕਾਨੂੰਨੀ ਲੜਾਈ ਵਿੱਚ ਸਹਿਯੋਗ ਦੇਣ ਦਾ ਵਿਸ਼ਵਾਸ ਦਵਾਉਂਦਾ ਹੈ।

ਉਹਨਾ ਕਿਹਾ ਕਿ ਐਡਵੋਕੇਟ ਚੱਬਰੇਵਾਲ ਤੇ ਹਮਲਾ ਕਰਨ ਵਾਲਿਆਂ ਨੂੰ ਛੇਤੀ ਤੋਂ ਛੇਤੀ ਗ੍ਰਿਫਤਾਰ ਕੀਤਾ ਜਾਵੇ ਅਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਮੀਤ ਪ੍ਰਧਾਨ ਅਮਨਦੀਪ ਸਿੰਘ ਮਿਨਹਾਸ, ਸਕੱਤਰ ਨਿਖਿਲ ਭਾਰਦਵਾਜ, ਗੁਰਪ੍ਰੀਤ ਸਿੰਘ ਢਿੱਲੋ, ਹਰਦੀਪ ਸਿੰਘ ਵਾਲੀਆ, ਵਿਜੇ ਕੌਸ਼ਲ, ਦਵਿੰਦਰ ਚੌਧਰੀ, ਅਭਿਸ਼ੇਕ ਸ਼ਰਮਾ, ਮੀਨਾ ਕਾਲੀਆ, ਅਸੋਚੌਧਰੀ, ਸੁਰੇਸ਼ ਚੌਧਰੀ, ਸਤਨਾਮ ਸਿੰਘ, ਮਨਦੀਪ ਸਿੰਘ, ਮੋਹਨ ਲਾਲ ਸੈਣੀ, ਨੈਂਨਾ ਕੌਸ਼ਲ, ਵਰਸ਼ਾ ਰਾਣਾ, ਰਜੇਸ਼ ਐਰੀ, ਪੀ.ਕੇ. ਉੱਪਲ, ਜ਼ਸਵਿੰਦਰ ਸਿੰਘ ਗੋਹਲਣੀ, ਸੁਰਜੀਤ ਸਿੰਘ ਤੇਜਾ, ਜਗਦੀਪ ਸਿੰਘ ਮਿਨਹਾਸ, ਜੇ.ਐਸ. ਬੈਂਸ, ਮਨੋਜ਼ ਪਾਠਕ, ਪ੍ਰਦੀਪ ਚੇਚੀ, ਅਰੁਣ ਕੌਸ਼ਲ, ਐਚ.ਐਸ. ਰਾਣਾ, ਗੁਰਵਿੰਦਰ ਸਿੰਘ ਬਡਵਾਲ, ਪੀ.ਕੇ. ਅਚਾਰਿਆ, ਸੁੱਚਾ ਸਿੰਘ ਪੀ.ਕੇ. ਵਰਮਾ ਆਦਿ ਹਾਜਰ ਸਨ।

## ਐਡ: ਚੱਬਰੇਵਾਲ ਤੇ ਹਮਲਾ ਕਰਨ ਵਾਲਿਆਂ ਨੂੰ ਛੇਤੀ ਗ੍ਰਿਫਤਾਰ ਕੀਤਾ ਜਾਵੇ-: ਨਰਿੰਦਰ ਪਰਾਸ਼ਰ

ਰੋਜ਼ਾਨਾ ਲੋਕ ਬਾਣੀ



# ਬੁੱਢਾ ਦਲ ਦੀ ਪ੍ਰਚਾਰ ਵਹੀਰ ਨੇ ਯੂ.ਕੇ ਦੇ ਗੁਰੂ ਘਰਾਂ ਵਿੱਚ ਗਰਮਤਿ ਸਿਧਾਂਤ ਦੀ ਅਲਖ ਜਗਾਈ

• ਸ੍ਰੀ ਅਨੰਦਪੁਰ ਸਾਹਿਬ:/ਦਵਿੰਦਰਪਾਲ ਸਿੰਘ

ਗੁਰਦੁਆਰਾ ਸਿੰਘ ਸਭਾ ਸੈਵਨ ਕਿੰਗਜ਼ ਈਸਟ ਲੰਡਨ ਅਤੇ ਗੁਰਦੁਆਰਾ ਗੁਰੂ ਨਾਨਕ ਪ੍ਰਕਾਸ਼ ਕੋਂਵਨਟਰੀ ਵਿਖੇ ਗੁਰੂ ਘਰਾਂ ਦੇ ਪ੍ਰਬੰਧਕਾਂ ਦੇ ਸਹਿਯੋਗ ਨਾਲ ਵਿਸ਼ੇਸ਼ ਗੁਰਮਤਿ ਸਮਾਗਮ ਅਯੋਜਿਤ ਕੀਤੇ ਗਏ। ਏਥੇ ਸੰਗਤਾਂ ਸ਼ਸਤਰਾਂ ਦੇ ਦਰਸ਼ਨਾਂ ਲਈ ਹੁੰਮਹੁਮਾ ਕੇ ਪੁਜੀਆਂ। ਨਿਹੰਗ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਵਿੱਚ ਬੁੱਢਾ ਦਲ ਦੀ ਪ੍ਰਚਾਰ ਵਹੀਰ, ਇੰਗਲੈਂਡ ਦੇ ਵੱਖ-ਵੱਖ ਗੁਰੂ ਘਰਾਂ ਵਿੱਚ ਕੌਮ ਦੇ ਮਹਾਨ ਜਰਨੈਲ ਬੁੱਢਾ ਦਲ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਛੇਵੇਂ ਜਥੇਦਾਰ ਰਹੇ ਸਿੰਘ ਸਾਹਿਬ ਅਕਾਲੀ ਬਾਬਾ ਫੂਲਾ ਸਿੰਘ ਜੀ ਦੀ ਦੂਜੀ ਸ਼ਹੀਦੀ ਸ਼ਤਾਬਦੀ ਸਬੰਧੀ ਬੁੱਢਾ ਦਲ ਦੇ ਇਤਿਹਾਸ, ਗੁਰਮਤਿ ਅਤੇ ਗੁਰੂ ਸਾਹਿਬਾਨ ਵੱਲੋਂ ਬਖਸ਼ਿਸ਼ ਸ਼ਸਤਰਾਂ ਦੇ ਦਰਸ਼ਨ ਸੰਗਤਾਂ ਨੂੰ ਕਰਵਾਏ ਜਾ ਰਹੇ ਹਨ। ਇਸ ਸਮੇਂ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸੇ ਨੂੰ ਸੰਤ ਅਤੇ ਸਿਪਾਹੀ ਦੋਵੇਂ ਗੁਣ ਬਖਸ਼ੇ ਹਨ, ਸੰਤ ਗੁਣ ਦੀ ਪ੍ਰਾਪਤੀ ਵਾਸਤੇ ਸ਼ਾਸਤਰਾਂ ਦੇ ਰੂਪ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ, ਸ੍ਰੀ ਦਸਮ ਗ੍ਰੰਥ ਸਾਹਿਬ, ਸ੍ਰੀ ਸਰਬਲੋਹ ਗ੍ਰੰਥ ਜੀ ਦੀ ਬਾਣੀ ਦਾ ਅਨਮੋਲ ਖਜ਼ਾਨਾ ਬਖਸ਼ਿਆ ਹੈ। ਉਨ੍ਹਾਂ ਕਿਹਾ ਸੰਤ ਗੁਣ ਦੀ ਰਾਖੀ ਵਾਸਤੇ ਸਤਿਗੁਰਾਂ ਨੇ ਸ਼ਸਤਰ ਵੀ ਬਖਸ਼ੇ ਹਨ। ਉਨ੍ਹਾਂ ਕਿਹਾ ਜੇ ਸ਼ਸਤਰ ਨਾ ਹੋਣ ਤਾਂ ਧਰਮ ਸ਼ਾਸਤਰਾਂ ਦੀ ਰਾਖੀ ਨਹੀਂ ਹੋ ਸਕਦੀ। ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਬਾਅਦ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਗੁਰੂ ਕੇ ਸਿੱਖਾਂ ਨੂੰ ਸ਼ਸਤਰ ਪਹਿਨਣ ਦਾ ਹੁਕਮ ਕੀਤਾ ਅਤੇ ਆਪ ਦੋ ਤਲਵਾਰਾਂ ਸਜਾਈਆਂ ਮੀਰੀ ਦੀ ਅਤੇ ਪੀਰੀ ਦੀ। ਉਨ੍ਹਾਂ ਕਿਹਾ ਜੇ ਸ਼ਸਤਰ ਪਕੜਨ ਵਾਲਾ ਅਧਰਮੀ ਹੈ ਤਾਂ ਜ਼ੁਲਮ ਕਰੇਗਾ ਪਰ ਜੇ ਸ਼ਸਤਰ ਪਕੜਨ ਵਾਲਾ ਧਰਮੀ ਹੈ ਤਾਂ ਜ਼ੁਲਮ ਨੂੰ ਠੱਲ ਪਾ ਦੇਵੇਗਾ। ਉਨ੍ਹਾਂ ਕਿਹਾ ਗੁਰੂ ਗੋਬਿੰਦ ਸਿੰਘ ਜੀ ਦਾ ਹੁਕਮ ਹੈ, ਜਬ ਹਮਰੇ ਦਰਸ਼ਨ ਕੋ ਆਵਹੁ ਬਨ ਸੁਚੇਤ ਤਨ ਸ਼ਸਤਰ ਸਜਾਵੈ, ਸ਼ਸਤਰਾਂ ਤੋਂ ਬਿਨਾਂ ਇਨਸਾਨ ਭੇਡ ਬਕਰੀ ਦੀ ਨਿਆਈ ਹੈ। ਉਨ੍ਹਾਂ ਕਿਹਾ ਗੁਰੂ ਕੇ ਸਿੱਖ ਨੇ ਰੋਜ਼ਾਨਾ ਸ਼ਸਤਰ ਵਿਦਿਆ ਦਾ ਅਭਿਆਸ ਕਰਨਾ ਹੈ ਅਤੇ ਸ਼ਸਤਰਾਂ ਨੂੰ ਪੀਰ ਜਾਣ ਕੇ ਸਤਿਕਾਰ ਕਰਨਾ ਹੈ ਉਨ੍ਹਾਂ ਦਸਿਆ ਕਿ ਤਖ਼ਤ ਸਾਹਿਬਾਨਾਂ ਪਰ ਸ਼ਸਤਰਾਂ ਦਾ ਉੱਚੇ ਥੜੇ ਪਰ ਪ੍ਰਕਾਸ਼ ਹੈ ਅਤੇ ਪੂਜਾ ਵੀ ਕੀਤੀ ਜਾਂਦੀ ਹੈ। ਉਸੇ ਤਰ੍ਹਾਂ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਬਖਸ਼ੀ ਪੁਰਾਤਨ ਮਰਿਆਦਾ ਨੂੰ ਅੱਜ ਵੀ ਸ਼?ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਨੇ ਸੀਨੇ ਬਸੀਨੇ ਸਾਂਭਿਆ ਹੈ।

ਇਸ ਮੌਕੇ ਨਾਮਵਰ ਪ੍ਰਸਿੱਧ ਸਿੱਖ ਵਿਦਵਾਨ ਪੰਥਕ ਬੁਲਾਰੇ ਗਿਆਨੀ ਭਗਵਾਨ ਸਿੰਘ ਜੌਹਲ ਨੇ ਕਿਹਾ ਬਾਬਾ ਬਲਬੀਰ ਸਿੰਘ ਜੀ ਨੇ ਬੁੱਢਾ ਦਲ ਗੁਰੂ ਖਾਲਸਾ ਪੰਥ ਦੀ ਅਨਮੋਲ ਵਿਰਾਸਤ ਨੂੰ ਮੁੜ ਸੁਰਜੀਤ ਕੀਤਾ, ਸ਼੍ਰੀ ਸਰਬਲੋਹ ਗ੍ਰੰਥ, ਭਾਈ ਰਤਨ ਸਿੰਘ ਭੰਗੂ ਦਾ ਪ੍ਰਾਚੀਨ ਪੰਥ ਪ੍ਰਕਾਸ਼, ਸ਼ਸਤ੍ਰ ਵਿਦਿਆ ਬੁੱਢਾ ਦਲ ਦੇ ਮੁਖੀਆਂ ਦੇ ਜੀਵਨ ਅਧਾਰਤ ਖੂਬਸੂਰਤ ਕਿਤਾਬਾਂ ਪ੍ਰਥ ਪ੍ਰਸਿੱਧ ਵਿਦਵਾਨ ਸ. ਦਿਲਜੀਤ ਸਿੰਘ ਬੇਦੀ ਦੀ ਸੇਵਾ ਲੈ ਕੇ ਪ੍ਰਚਾਰ ਹਿਤ ਪ੍ਰਕਾਸ਼ਤ ਕਰਵਾਈਆਂ ਹਨ। ਉਨ੍ਹਾਂ ਕਿਹਾ ਦਲ ਪੰਥ ਵਿਚ ਸ਼ਸਤਰ ਵਿਦਿਆ ਦੀ ਸਿਖਲਾਈ ਅੱਜ ਵੀ ਨਿਹੰਗ ਸਿੰਘ ਉਸਤਾਦ ਦੇ ਰਹੇ ਹਨ ਅਤੇ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦਲ ਪੰਥ ਦੇ ਮਹਾਨ ਕਾਰਜਾਂ ਨੂੰ ਸੰਗਤਾਂ ਤਕ ਪਹੁੰਚਾ ਕਰ ਪੰਥ ਦੇ ਪ੍ਰਚਾਰ ਪਾਸਾਰ ਲਈ ਬਹੁਤ ਸੋਹਣਾ ਉਪਰਾਲਾ ਕਰ ਰਹੇ ਹਨ। ਉਨ੍ਹਾਂ ਕਿਹਾ ਦਲ ਪੰਥ ਵਿਚ ਅੱਜ ਵੀ ਜਿੱਥੇ ਬਾਣੀ ਦੀ ਸੰਥਿਆ ਦਿੱਤੀ ਜਾਂਦੀ ਹੈ ਉੱਥੇ ਘੋੜ ਸਵਾਰੀ ਅਤੇ ਸ਼ਸਤਰ ਵਿਦਿਆ ਦਾ ਅਭਿਆਸ ਵੀ ਰੋਜ਼ਾਨਾ ਕਰਵਾਇਆ ਜਾਂਦਾ ਹੈ।

ਰੋਜ਼ਾਨਾ ਲੋਕ ਬਾਣੀ

# ਪਿੰਡ ਰਾਣੇਵਾਲ ਵਿੱਚ ਚਿੱਪ ਵਾਲੇ ਮੀਟਰ ਵਿਰੋਧੀ ਮੋਰਚੇ ਦੇ ਪ੍ਰੋਗਰਾਮ, ਕਿਰਤੀ ਕਿਸਾਨ ਯੂਨੀਅਨ ਨਵਾਂਸ਼ਹਿਰ ਵੱਡੀ ਮੀਟਿੰਗ



• ਸਹੀਦ ਭਗਤ ਸਿੰਘ ਨਗਰ

ਅੱਜ ਪਿੰਡ ਰਾਣੇਵਾਲ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਜਿਲਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਇਲਾਕਾ ਪ੍ਰਧਾਨ ਪਰਮਜੀਤ ਸਿੰਘ ਸ਼ਹਾਬਪੁਰ ਦੀ ਅਗਵਾਈ ਵਿੱਚ ਬਾਬਾ ਸੁੱਜਪਾਲ ਦੇ ਅਸਥਾਨ ਤੇ ਚਿੱਪ ਵਾਲੇ ਮੀਟਰਾ ਦੇ ਵਿਰੋਧ ਵਿੱਚ ਵੱਡਾ ਇਕੱਠ ਹੋਇਆ ਜਿਸ ਮੀਟਰਾ ਦਾ ਵਿਰੋਧ ਕਰਨ ਦਾ ਫੈਸਲਾ ਹੋਇਆ ਕਿਉਕੇ ਇਹ ਕਦਮ ਬਿਜਲੀ ਬੋਰਡ ਨੂੰ ਪ੍ਰਾਈਵੇਟ ਕਰਨ ਦਾ ਕਦਮ ਹੈ ਜੋ ਸਾਨੂੰ ਸਬਸਿਡੀਜ਼ ਮਿਲ ਰਹੀਆ ਹਨ ਉਹਨਾ ਬੋਰਡ ਨੂੰ ਕਿਸੇ ਵੱਡੇ ਕਾਰਪੋਰੇਟ ਨੂੰ ਵੇਚਣਾ ਹੈ ਸਰਕਾਰੀ ਮੁਲਾਜਮਾ ਦੀ ਭਰਤੀ ਬਿਲਕੁਲ ਖਤਮ ਹੋ ਜਾਵੇਗੀ ਸਾਡੇ ਸਰਕਾਰੀ ਮਹਿਕਮੇ ਦਾ ਭੋਗ ਪਾਉਣ ਦੀ ਤਿਆਰੀ ਹੈ ਇਸ ਦੇ ਵਿਰੋਧ ਵਿੱਚ 28 ਅਗਸਤ ਐਸ ਈ ਦਫਤਰ ਗੜਸ਼ੰਕਰ ਰੋਡ ਵੱਡਾ ਧਰਨਾ ਲਾਇਆ ਜਾਵੇਗਾ ਪਿੰਡ ਵਾਸੀਆ ਨੇ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਅਹਿਦ ਲਿਆ ਇਕੱਠ ਵਿਚ ਰਾਣਾ ਰਾਮਜੀ ਦਾਸ ਸਨਾਵਾ ਮੇਜਰ ਸਿੰਘ ਉਸਮਾਨ ਪੁਰ ਜੋਗਾ ਸਿੰਘ ਅਮਨਦੀਪ ਸਿੰਘ ਗੁਰਨਾਮ ਸਿੰਘ ਜਸਵੀਰ ਸਿੰਘ ਸੁਮੇਲ ਸਿੰਘ ਨਰਿੰਦਰ ਸਿੰਘ ਮਨਪ੍ਰੀਤ ਸਿੰਘ ਜੁਝਾਰ ਸਿੰਘ ਲਖਵਿੰਦਰ ਸਿੰਘ ਦਲਾਵਰ ਸਿੰਘ ਮੇਜਰ ਸਿੰਘ ਸੋਮਨਾਥ ਪਾਲ ਸਿੰਘ ਸ਼ਿਗਾਰਾ ਰਾਮ ਰੇਵਲ ਕੌਰ ਤਲਵਿੰਦਰ ਕੌਰ ਅਮਰੀਕ ਕੌਰ ਬਲਵੀਰ ਕੌਰ ਸਾਰੇ ਵਾਸੀ ਰਾਣੇਵਾਲ ਤੇ ਹੋਰ ਬਹੁਤ ਸਾਰੇ ਭੈਣਾ ਭਾਈਆ ਨੇ ਭਾਗ ਲਿਆ।

ਰੋਜ਼ਾਨਾ ਲੋਕ ਬਾਣੀ




publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008



